ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਵੀਰਵਾਰ, 15 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੯ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243

## ਪਰਵਿੰਦਰ ਸਿੰਘ ਝੋਟੇ ਦੇ ਕਤਲ ਦੇ ਵਿਰੋਧ ’ਚ

# ਅੱਜ ਪੰਜਾਬ ਬੰਦ

**ਮਾਨਸਾ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਨਸ਼ਿਆਂ ਖ਼ਿਲਾਫ਼ ਲੜਾਈ ਲੜਣ ਵਾਲੇ ਪਰਵਿੰਦਰ ਸਿੰਘ ਝੋਟੇ ਦੇ ਕਤਲ ਦੇ ਵਿਰੋਧ ਵਿਚ ਭਲਕੇ ਯਾਨੀ 15 ਅਕਤੂਬਰ ਨੂੰ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਹੈ। ਇਸ ਸਬੰਧੀ ਪਰਵਿੰਦਰ ਸਿੰਘ ਝੋਟੇ ਦੇ ਪਿਤਾ ਭੀਮ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਪੰਜਾਬ ਬੰਦ ਦੇ



ਸੱਦੇ ਨੂੰ ਬੇਮਿਸਾਲ ਬਣਾਉਣ। ਉਨ੍ਹਾਂ ਨੇ ਪੰਜਾਬ ਦੇ ਲੋਕਾਂ, ਸਿਆਸੀ ਪਾਰਟੀਆਂ ਤੇ ਹੋਰ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਦੀ ਜਵਾਨੀ ਨੂੰ ਨਸ਼ੇ ਤੋਂ ਬਚਾਉਣ ਲਈ ਪੰਜਾਬ ਬੰਦ ਦੇ ਸੱਦੇ ਵਿਚ ਸਹਿਯੋਗ ਦੇਣ। ਭਲਕੇ ਸਵੇਰੇ 6 ਵਜੇ ਤੋਂ ਸ਼ਾਮ 5 ਵਜੇ ਤਕ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਹੈ। ਭੀਮ ਸਿੰਘ ਨੇ ਮੰਗ ਕੀਤੀ ਕਿ ਮਾਨਸਾ ਜ਼ਿਲ੍ਹੇ ਨਾਲ ਸਬੰਧਤ ਡਰੱਗ ਇੰਸਪੈਕਟਰ, ਐੱਸਐੱਸਪੀ, ਡੀਐੱਸਪੀ ਤੇ ਸਿਟੀ-2 ਦੇ ਐੱਸਐੱਚਓ ਨੂੰ ਨਾ ਸਿਰਫ਼ ਡਿਸਮਿਸ ਕੀਤਾ ਜਾਵੇ, ਸਗੋਂ ਜਾਂਚ ਮਗਰੋਂ ਇਨ੍ਹਾਂ ’ਤੇ ਪਰਚਾ ਵੀ ਦਰਜ ਕੀਤਾ ਜਾਵੇ। ਉਨ੍ਹਾਂ ਇਹ ਵੀ ਆਖਿਆ ਕਿ ਉਨ੍ਹਾਂ ਦੇ ਪੁੱਤ ਨੂੰ ਸਿਰਫ਼ ਅਸ਼ਵਨੀ ਨੇ ਹੀ ਨਹੀਂ ਮਾਰਿਆਂ, ਸਗੋਂ ਕਾਤਲ ਨੂੰ ਵੱਡੇ ਨਸ਼ਾ ਤਸਕਰਾਂ ਨੇ ਹੱਲਾਸ਼ੇਰੀ ਦਿੱਤੀ ਸੀ। ਉਨ੍ਹਾਂ ਕਿਹਾ ਕਿ ਇਸ ਗੱਲ ਦੀ ਜਾਂਚ ਕੀਤੀ ਜਾਵੇ ਕਿ ਕਾਤਲ ਗੋਲ਼ੀ ਮਾਰਨ ਤੋਂ ਪਹਿਲਾਂ ਕਿਸ ਨਾਲ ਫ਼ੋਨ ’ਤੇ ਗੱਲ ਕਰ ਰਿਹਾ ਸੀ, ਕੀ ਉਹ ਕੋਈ ਸਰਕਾਰੀ ਅਫ਼ਸਰ ਜਾਂ ਤਸਕਰ ਸੀ ? ਇਸ ਗੱਲ ਦੀ ਜਾਂਚ ਕਰ ਕੇ ਉਨ੍ਹਾਂ ’ਤੇ ਵੀ ਪਰਚਾ ਦਿੱਤਾ ਜਾਵੇ। ਉਨ੍ਹਾਂ ਨੇ ਇਸ ਮਾਮਲੇ ਦੀ 329 ਜਾਂਚ ਕਰਵਾਉਣ ਦੀ ਮੰਗ ਵੀ ਕੀਤੀ। ਭੀਮ ਸਿੰਘ ਨੇ ਇਹ ਵੀ ਆਖ਼ਿਆ ਕਿ ਅੱਜ ਧਰਨੇ ਵਿਚ ਆ ਰਹੇ ਲੋਕਾਂ ਨੂੰ ਪੁਲਸ ਨੇ ਹਿਰਾਸਤ ਵਿਚ ਲਿਆ ਹੈ, ਉਨ੍ਹਾਂ ਨੂੰ ਛੱਡਿਆ ਜਾਵੇ ਤੇ ਕੱਲ੍ਹ ਤੋਂ ਇਸ ਧਰਨੇ ਵਿਚ ਸ਼ਾਮਲ ਹੋਣ ਲਈ ਆ ਰਹੇ ਕਿਸੇ ਵੀ ਵਿਅਕਤੀ ਨੂੰ ਰੋਕਿਆ ਨਾ ਜਾਵੇ। ਉਨ੍ਹਾਂ ਆਖ਼ਿਆ ਕਿ ਉਨ੍ਹਾਂ ਨੂੰ ਕੋਈ ਲੋਭ-ਲਾਲਚ ਨਹੀਂ ਹੈ ਤੇ ਕਿਸੇ ਚੀਜ਼ ਦੀ ਲੋੜ ਵੀ ਨਹੀਂ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਆਪਣਾ ‘ਝੋਟਾ’ ਗੁਆ ਲਿਆ ਹੈ। ਅੱਜ ਪੰਜਾਬ ਦੇ ਲੋਕ ਉਨ੍ਹਾਂ ਨਾਲ ਹਨ ਤੇ ਲੋਕਾਂ ਦਾ ਜੋ ਵੀ ਹੁਕਮ ਹੋਵੇਗਾ, ਉਸ ਮੁਤਾਬਕ ਹੀ ਅੱਗੇ ਚੱਲਣਗੇ। ਇੱਥੋਂ ਤਕ ਕਿ ਉਹ ਆਪਣੇ ਪੁੱਤ ਦੀ ਮ੍ਰਿਤਕ ਦੇਹ ਵੀ ਕਮੇਟੀ ਦੀ ਸਹਿਮਤੀ ਤੋਂ ਬਾਅਦ ਹੀ ਲੈਣਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਕੋਲ ਪਰਮਾਤਮਾ ਦੀ ਦਿੱਤੀ ਹੋਈ ਜ਼ਮੀਰ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਪਰਵਿੰਦਰ ਝੋਟੇ ’ਤੇ ਹੋਈ ਫ਼ਾਇਰਿੰਗ ਦੌਰਾਨ ਜ਼ਖ਼ਮੀ ਹੋਏ ਉਨ੍ਹਾਂ ਦੇ ਸਾਥੀ ਤੇ ਰਾਹਗੀਰਾਂ ਲਈ ਮੁਆਵਜ਼ੇ ਦੀ ਮੰਗ ਵੀ ਕੀਤੀ।




## ਗੋਲੀ ਦਾ ਜਵਾਬ ਗੋਲੀ ਨਾਲ ਦੇਵਾਂਗਾ, ਪਰਵਿੰਦਰ ਝੋਟੇ ਦੇ ਹੱਕ ’ਚ ਸੋਸ਼ਲ ਮੀਡੀਆ ’ਤੇ ਪਈ ਪੋਸਟ

**ਮਾਨਸਾ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-



ਮੰਗਲਵਾਰ ਨੂੰ ਮਾਨਸਾ ਵਿਚ ਗੋਲੀਆਂ ਮਾਰ ਕੇ ਕਤਲ ਕੀਤੇ ਗਏ ਨਸ਼ਾ ਵਿਰੋਧੀ ਐਕਟੀਵਿਸਟ ਪਰਵਿੰਦਰ ਸਿੰਘ ਝੋਟਾ ਦੇ ਸਾਥੀ ਰਹੇ ਜੱਸੀ ਪੈਂਚਰ ਨੇ ਮੁਲਜ਼ਮ ਅਸ਼ਵਨੀ ਨੂੰ ਜਾਨੋਂ ਮਾਰਨ ਧਮਕੀ ਦਿੱਤੀ ਹੈ ਅਤੇ ਕਿਹਾ ਹੈ ਕਿ ਗੋਲੀ ਦਾ ਜਵਾਬ ਗੋਲੀ ਨਾਲ ਹੀ ਦਿੱਤਾ ਜਾਵੇਗਾ। ਝੋਟਾ ਦੇ ਪੁਰਾਣੇ ਸਾਥੀ ਜਸਵਿੰਦਰ ਉਰਫ ਜੱਸੀ ਪੈਂਚਰ ਨੇ ਇੰਸਟਾਗਰਾਮ ਉੱਪਰ ਪੋਸਟ ਪਾ ਕੇ ਬਦਲਾ ਲੈਣ ਦੀ ਗੱਲ ਆਖੀ ਹੈ ਜਿਸ ਵਿਚ ਉਸਨੇ ਲਿਖਿਆ ਕਿ ਪਰਵਿੰਦਰ ਝੋਟਾ ਅਤੇ ਮੈਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਹੁੰ ਖਾਧੀ ਸੀ ਕਿ ਦੋਵਾਂ ਵਿੱਚੋਂ ਪਹਿਲਾਂ ਕੋਈ ਵੀ ਮਰਦਾ ਹੈ ਤਾਂ ਦੂਸਰਾ ਉਸਦਾ ਬਦਲਾ ਲਵੇਗਾ ਹਾਲਾਂਕਿ ਸਾਡੀ ਕੁਝ ਸਮੇਂ ਤੋਂ ਬੋਲ ਚਾਲ ਨਹੀਂ ਸੀ ਪਰ ਉਸਦਾ ਬਦਲਾ ਲਿਆ ਜਾਵੇਗਾ ਅਤੇ ਗੋਲੀ ਬਦਲੇ ਅਸ਼ਵਨੀ ਨੂੰ ਗੋਲੀ ਖਾਣੀ ਪਵੇਗੀ। ਇੱਥੇ ਇਹ ਗੱਲ ਵੀ ਧਿਆਨ ਚ ਰੱਖਣ ਯੋਗ ਹੈ ਕਿ ਜੱਸੀ ਪੈਂਚਰ ਕਈ ਸਾਲਾਂ ਤੋਂ ਜੇਲ ਵਿਚ ਬੰਦ ਹੈ ਅਤੇ ਅਰਸ਼ ਡੱਲਾ ਗਰੁੱਪ ਦੇ ਨਾਲ ਉਸ ਦਾ ਨਾਮ ਕਈ ਕੇਸਾਂ ਵਿੱਚ ਜੁੜਿਆ ਹੋਇਆ ਹੈ।

## ਨੀਲਾ ਡਰੰਮ ਕੇਸ ‘ਚ ਕੋਰਟ ਨੇ ਸੁਣਾਇਆ ਵੱਡਾ ਫੈਸਲਾ, ਦੋਸ਼ੀ ਮੁਸਕਾਨ ਤੇ ਸਾਹਿਲ ਨੂੰ ਫਾਂਸੀ ਦੀ ਸਜ਼ਾ

**ਮੇਰਠ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮੇਰਠ ਦੇ ਚਰਚਿਤ ਨੀਲਾ ਡਰੰਮ ਕਤਲ ਕੇਸ ਵਿੱਚ ਅਦਾਲਤ ਨੇ ਵੱਡਾ ਫੈਸਲਾ ਸੁਣਾਉਂਦੇ ਹੋਏ ਮੁਸਕਾਨ ਰਸਤੋਗੀ ਅਤੇ ਉਸ ਦੇ ਪ੍ਰੇਮੀ ਸਾਹਿਲ ਸ਼ੁਕਲਾ, ਜੋ ਉਸ ਦੇ ਪਤੀ ਸੌਰਭ ਰਾਜਪੂਤ ਦੀ ਹੱਤਿਆ ਦਾ ਦੋਸ਼ੀ ਹੈ, ਨੂੰ ਮੌਤ ਦੀ ਸਜ਼ਾ ਸੁਣਾਈ ਗਈ ਹੈ। ਮੇਰਠ ਦੇ ਜ਼ਿਲ੍ਹਾ ਜੱਜ ਅਰਵਿੰਦ ਕੁਮਾਰ ਮਿਸ਼ਰਾ ਨੇ ਦੋਵਾਂ ਨੂੰ ਮੌਤ ਦੀ ਸਜ਼ਾ ਸੁਣਾਈ। ਅਦਾਲਤ ਨੇ ਦੋਸ਼ੀਆਂ ‘ਤੇ 20-20 ਹਜ਼ਾਰ ਰੁਪਏ ਦਾ ਜੁਰਮਾਨਾ ਵੀ ਲਗਾਇਆ। ਸਜ਼ਾ ਸੁਣਾਏ ਜਾਣ ਦੌਰਾਨ ਦੋਵੇਂ ਦੋਸ਼ੀ ਵੀਡੀਓ ਕਾਨਫਰੰਸਿੰਗ ਰਾਹੀਂ ਅਦਾਲਤ ਨਾਲ ਜੁੜੇ ਹੋਏ ਸਨ। ਫੈਸਲਾ ਸੁਣ ਕੇ ਮੁਸਕਾਨ ਅਤੇ ਸਾਹਿਲ ਭੁੱਬਾਂ ਮਾਰ ਕੇ ਰੋਣ ਲੱਗ ਗਏ। ਸੌਰਭ ਦੇ ਪਰਿਵਾਰ ਨੇ ਫੈਸਲੇ ‘ਤੇ ਖੁਸ਼ੀ ਪ੍ਰਗਟ ਕੀਤੀ ਅਤੇ ਕਿਹਾ ਕਿ ਉਨ੍ਹਾਂ ਨੂੰ ਉਮੀਦ ਸੀ ਕਿ ਅਦਾਲਤ ਤੋਂ ਇਨਸਾਫ਼ ਮਿਲੇਗਾ। ਸੌਰਭ ਰਾਜਪੂਤ ਦੀ 3 ਮਾਰਚ, 2025 ਨੂੰ ਹੱਤਿਆ ਕਰ ਦਿੱਤੀ ਗਈ ਸੀ। ਪੁਲਿਸ ਜਾਂਚ ਮੁਤਾਬਕ ਉਸ ਦੇ ਕਤਲ ਤੋਂ ਬਾਅਦ ਉਸਦੀ ਮ੍ਰਿਤਕ ਦੇਹ ਨੂੰ ਪੰਜ ਟੁਕੜਿਆਂ ਵਿੱਚ ਕੱਟ ਕੇ ਇੱਕ ਨੀਲੇ ਡਰੰਮ ਵਿੱਚ ਲੁਕਾ ਦਿੱਤਾ ਗਿਆ ਸੀ। ਇਸ ਘਟਨਾ ਨੇ ਦੇਸ਼ ਭਰ ਵਿੱਚ ਸਨਸਨੀ ਫੈਲਾ ਦਿੱਤੀ। ਸੌਰਭ ਦੀ ਪਤਨੀ ਮੁਸਕਾਨ ਰਸਤੋਗੀ ਅਤੇ ਉਸਦੇ ਪ੍ਰੇਮੀ ਸਾਹਿਲ ਸ਼ੁਕਲਾ ਨੂੰ ਇਸ ਮਾਮਲੇ ਵਿੱਚ ਦੋਸ਼ੀ ਬਣਾਇਆ ਗਿਆ ਸੀ। ਜਾਂਚ ਪੂਰੀ ਕਰਨ ਤੋਂ ਬਾਅਦ ਪੁਲਿਸ ਨੇ ਦੋਵਾਂ ਵਿਰੁੱਧ ਚਾਰਜਸ਼ੀਟ ਦਾਇਰ ਕੀਤੀ। ਮੁਕੱਦਮਾ ਜੁਲਾਈ 2025 ਵਿੱਚ ਜ਼ਿਲ੍ਹਾ ਅਦਾਲਤ ਵਿੱਚ ਸ਼ੁਰੂ ਹੋਇਆ। ਸੁਣਵਾਈ ਦੌਰਾਨ, ਇਸਤਗਾਸਾ ਪੱਖ ਨੇ ਅਦਾਲਤ ਦੇ ਸਾਹਮਣੇ ਆਪਣਾ ਪੱਖ ਪੇਸ਼ ਕੀਤਾ ਅਤੇ ਦੋਵਾਂ ਨੂੰ ਦੋਸ਼ੀ ਠਹਿਰਾਉਣ ਦੀ ਮੰਗ ਕੀਤੀ। ਅਦਾਲਤ ਨੇ ਪਹਿਲਾਂ ਹੀ ਦੋਵਾਂ ਨੂੰ ਕਤਲ ਅਤੇ ਸਬੂਤ ਲੁਕਾਉਣ ਨਾਲ ਸਬੰਧਤ ਦੋਸ਼ਾਂ ਵਿੱਚ ਦੋਸ਼ੀ ਠਹਿਰਾਇਆ ਸੀ।



## ਗੋਲੀ ਚਲਾਉਣ ਤੋਂ ਪਹਿਲਾਂ ਮੁਲਜ਼ਮ ਨੇ ਕਿਸ ਨਾਲ ਕੀਤੀ ਫੋਨ ’ਤੇ ਗੱਲ ? ਝੋਟਾ ਕਤਲ ਮਾਮਲੇ ’ਚ DIG ਦਾ ਵੱਡਾ ਖ਼ੁਲਾਸਾ

**ਮਾਨਸਾ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮਾਨਸਾ ਵਿਖੇ ਨਸ਼ਾ ਰੋਕੂ ਮੁਹਿੰਮ ਦੇ



ਆਗੂ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ’ਚ ਜਾਂਚ ਦੌਰਾਨ ਨਵੇਂ ਤੱਥ ਸਾਹਮਣੇ ਆ ਰਹੇ ਹਨ। ਇਸ ਮਾਮਲੇ ਸਬੰਧੀ ਡੀ. ਆਈ. ਜੀ. ਬਠਿੰਡਾ ਰੇਂਜ ਹਰਜੀਤ ਸਿੰਘ ਨੇ ਖ਼ੁਲਾਸਾ ਕੀਤਾ ਹੈ ਕਿ ਪਰਵਿੰਦਰ ਝੋਟਾ ਦਾ ਕਤਲ ਕਰਨ ਤੋਂ ਪਹਿਲਾਂ ਮੈਡੀਕਲ ਸਟੋਰ ਦਾ ਮਾਲਕ ਅਸ਼ਵਨੀ ਕੁਮਾਰ ਆਪਣੇ ਮੋਬਾਇਲ ਫੋਨ ’ਤੇ ਪਰਿਵਾਰ ਦੇ ਕਿਸੇ ਮੈਂਬਰ ਨਾਲ ਗੱਲਬਾਤ ਕਰ ਰਿਹਾ ਸੀ। ਪੁਲਸ ਇਸ ਗੱਲਬਾਤ ਸਮੇਤ ਮਾਮਲੇ ਨਾਲ ਜੁੜੇ ਹੋਰ ਪਹਿਲੂਆਂ ਦੀ ਜਾਂਚ ਕਰ ਰਹੀ ਹੈ। ਡੀ. ਆਈ. ਜੀ. ਹਰਜੀਤ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਇਸ ਘਟਨਾ ਨੂੰ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ ਅਤੇ ਜਾਂਚ ਦਾ ਘੇਰਾ ਵਧਾਇਆ ਗਿਆ ਹੈ। ਜਾਂਚ ਏਜੰਸੀਆਂ ਘਟਨਾ ਤੋਂ ਪਹਿਲਾਂ ਅਤੇ ਬਾਅਦ ਦੇ ਹਾਲਾਤਾਂ ਨੂੰ ਸਮਝਣ ਲਈ ਵੱਖ-ਵੱਖ ਤੱਥਾਂ ਦੀ ਪੜਤਾਲ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੁਲਸ ਹਰ ਪਹਿਲੂ ਤੋਂ ਵੱਡੇ ਪੱਧਰ ’ਤੇ ਜਾਂਚ ਕਰ ਰਹੀ ਹੈ ਤਾਂ ਜੋ ਘਟਨਾ ਨਾਲ ਜੁੜੀਆਂ ਸਾਰੀਆਂ ਕੜੀਆਂ ਨੂੰ ਜੋੜਿਆ ਜਾ ਸਕੇ। ਜ਼ਿਕਰਯੋਗ ਹੈ ਕਿ ਪਰਵਿੰਦਰ ਸਿੰਘ ਝੋਟਾ ਨਸ਼ਿਆਂ ਖ਼ਿਲਾਫ਼ ਮੁਹਿੰਮ ਚਲਾਉਣ ਕਾਰਨ ਮਾਨਸਾ ਇਲਾਕੇ ’ਚ ਜਾਣਿਆ ਜਾਂਦਾ ਸੀ। ਉਸ ਦੇ ਕਤਲ ਦੀ ਖ਼ਬਰ ਸਾਹਮਣੇ ਆਉਣ ਤੋਂ ਬਾਅਦ ਸ਼ਹਿਰ ’ਚ ਤਣਾਅ ਪੂਰਨ ਮਾਹੌਲ ਬਣ ਗਿਆ ਅਤੇ ਮਾਮਲੇ ਨੂੰ ਲੈ ਕੇ ਲੋਕਾਂ ’ਚ ਰੋਸ ਪਾਇਆ ਜਾ ਰਿਹਾ ਹੈ। ਪਰਿਵਾਰ ਅਤੇ ਸਮਰਥਕਾਂ ਵੱਲੋਂ ਇਨਸਾਫ਼ ਦੀ ਮੰਗ ਕੀਤੀ ਜਾ ਰਹੀ ਹੈ, ਜਦੋਂ ਕਿ ਵੱਖ-ਵੱਖ ਜੱਥੇਬੰਦੀਆਂ ਵੀ ਇਸ ਮਾਮਲੇ ’ਚ ਸਖ਼ਤ ਕਾਰਵਾਈ ਦੀ ਮੰਗ ਕਰ ਰਹੀਆਂ ਹਨ। ਇਸ ਘਟਨਾ ਤੋਂ ਬਾਅਦ ਪੁਲਸ ਅਤੇ ਪ੍ਰਸ਼ਾਸਨ ਲਈ ਕਾਨੂੰਨ-ਵਿਵਸਥਾ ਬਣਾਈ ਰੱਖਣਾ ਵੀ ਅਹਿਮ ਚੁਣੌਤੀ ਬਣਿਆ ਹੋਇਆ ਹੈ। ਲੋਕਾਂ ਦੀ ਮੰਗ ਹੈ ਕਿ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇ। ਪੁਲਸ ਜਾਂਚ ਦੌਰਾਨ ਸਾਹਮਣੇ ਆਉਣ ਵਾਲੇ ਤੱਥਾਂ ਦੇ ਆਧਾਰ ’ਤੇ ਅਗਲੀ ਕਾਰਵਾਈ ਕਰੇਗੀ। ਫਿਲਹਾਲ ਡੀ. ਆਈ. ਜੀ. ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਕਤਲ ਤੋਂ ਪਹਿਲਾਂ ਹੋਈ ਫੋਨ ’ਤੇ ਗੱਲਬਾਤ ਵੀ ਜਾਂਚ ਦਾ ਇੱਕ ਅਹਿਮ ਪਹਿਲੂ ਹੈ।

## ਵੀ. ਵੀ. ਆਈ. ਪੀ. ਕਾਫ਼ਲੇ ’ਚ ਤਾਇਨਾਤ ਇਕ ਹੈੱਡ ਕਾਂਸਟੇਬਲ ਹੈਰੋਇਨ ਦੀ ਵੱਡੀ ਖੇਪ ਨਾਲ ਅੜਿੱਕੇ






**ਤਰਨਤਾਰਨ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਵਿਖੇ ਬੀ. ਐੱਸ. ਐੱਫ਼ ਨੂੰ ਉਸ ਵੇਲੇ ਵੱਡੀ ਸਫ਼ਲਤਾ ਮਿਲੀ ਜਦੋਂ ਰੁਟੀਨ ਚੈਕਿੰਗ ਦੌਰਾਨ ਵੀ. ਵੀ. ਆਈ. ਪੀ. ਕਾਫ਼ਲੇ ’ਚ ਤਾਇਨਾਤ ਇਕ ਹੈੱਡ ਕਾਂਸਟੇਬਲ ਹੈਰੋਇਨ ਦੀ ਵੱਡੀ ਖੇਪ ਨਾਲ ਫੜਿਆ ਗਿਆ। ਮਿਲੀ ਜਾਣਕਾਰੀ ਮੁਤਾਬਕ ਭਾਰਤ ਪਾਕਿਸਤਾਨ ਸਰਹੱਦ ਦੀ ਕੰਡਿਆਲੀ ਤਾਰ ਨੇੜੇ ਐਂਟੀ ਡਰੋਨ ਸਿਸਟਮ ’ਚ ਤਾਇਨਾਤ ਹੈੱਡ ਕਾਂਸਟੇਬਲ 15 ਕਿੱਲੋ ਹੈਰੋਇਨ ਸਣੇ ਗ੍ਰਿਫ਼ਤਾਰ ਕੀਤਾ ਗਿਆ ਹੈ। ਮੁਲਜ਼ਮ ਦੀ ਪਛਾਣ ਕਰਨਬੀਰ ਸਿੰਘ ਵਾਸੀ ਭੂਸੇ ਵਜੋਂ ਹੋਈ ਹੈ। ਉਕਤ ਕਾਰਵਾਈ ਬੀ. ਐੱਸ. ਐੱਫ਼. ਦੀ 115 ਬਟਾਲੀਅਨ ਵੱਲੋਂ ਕੀਤੀ ਗਈ ਹੈ। ਬਰਾਮਦ ਕੀਤੀ ਗਈ ਉਕਤ ਹੈਰੋਇਨ ਦੀ ਕੌਮਾਂਤਰੀ ਪੱਧਰ ’ਤੇ ਕੀਮਤ 100 ਕਰੋੜ ਦੇ ਕਰੀਬ ਦੱਸੀ ਜਾ ਰਹੀ ਹੈ। ਪੁਲਸ ਨੇ ਉਸ ਵਿਰੁੱਧ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਮੁਲਜ਼ਮ ਆਪਣੀ ਨਿੱਜੀ ਕਾਰ ’ਚ ਹੈਰੋਇਨ ਦੇ ਪਾਕਿਸਤਾਨ ਵੱਲੋਂ ਡਰੋਨ ਰਾਹੀਂ ਭੇਜੇ ਗਏ ਤਿੰਨ ਪੈਕੇਟਾਂ ਨੂੰ ਲੈ ਕੇ ਵਾਪਸ ਪਰਤ ਰਿਹਾ ਸੀ। ਪਿੰਡ ਲਹੀਆਂ ਨੇੜੇ ਬੀ. ਐੱਸ. ਐੱਫ਼. ਅਤੇ ਐੱਨ. ਸੀ. ਬੀ. ਦੇ ਸਾਂਝੇ ਆਪ੍ਰੇਸ਼ਨ ਵੱਲੋਂ ਪੰਜਾਬ ਪੁਲਸ ਦੇ ਮੁਲਾਜ਼ਮ ਨੂੰ ਗ੍ਰਿਫ਼ਤਾਰ ਕੀਤਾ ਗਿਆ। ਸੂਤਰਾਂ ਦੇ ਹਵਾਲੇ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਆਪਣੇ ਚਾਚੇ ਦੇ ਮੁੰਡੇ ਹਰਜੀਤ ਸਿੰਘ ਨਾਲ ਕਾਰ ਸਵਿੱਫ਼ਟ ਵਿਚ ਸਵਾਰ ਸੀ। ਬਾਰਡਰ ਸਕਿਓਰਿਟੀ ਫੋਰਸ ਨੇ ਸਰਹੱਦੀ ਖੇਤਰ ’ਚ ਇਕ ਚੈੱਕ-ਪੁਆਇੰਟ ’ਤੇ ਪੰਜਾਬ ਪੁਲਸ ਦੇ ਕਾਂਸਟੇਬਲ ਕਰਨਬੀਰ ਸਿੰਘ ਨੂੰ ਸਵਿੱਫਟ ਕਾਰ ’ਚ 15 ਕਿੱਲੋ ਹੈਰੋਇਨ ਸਮੇਤ ਰੰਗੇ ਹੱਥੀਂ ਕਾਬੂ ਕੀਤਾ। ਦੋਵਾਂ ਨੂੰ ਹਿਰਾਸਤ ਵਿਚ ਲੈ ਕੇ ਬੀ. ਐੱਸ. ਐੱਫ਼. ਤੋਂ ਇਲਾਵਾ ਖ਼ੁਫ਼ੀਆ ਏਜੰਸੀਆਂ ਵੱਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਵੱਡੇ ਖ਼ੁਲਾਸੇ ਹੋਣ ਦੀ ਉਮੀਦ ਜਤਾਈ ਗਈ ਹੈ। ਗ੍ਰਿਫ਼ਤਾਰ ਕੀਤਾ ਗਿਆ ਹੈੱਡ ਕਾਂਸਟੇਬਲ ਕਰਨਬੀਰ ਸਿੰਘ ਥਾਣਾ ਖਾਲੜਾ ਅਧੀਨ ਆਉਂਦੇ ਪਿੰਡ ਵਾਂ ਵਿਖੇ ਡਰੋਨ ਸਿਸਟਮ ’ਚ ਤਾਇਨਾਤ ਸੀ। ਭੂਸਾ ਪਿੰਡ ਦਾ ਰਹਿਣ ਵਾਲਾ ਕਰਨਬੀਰ ਸਿੰਘ ਪਹਿਲਾਂ ਸਰਹੱਦੀ ਪੁਲਸ ਥਾਣੇ ’ਚ ਮੁਨਸ਼ੀ (ਕਲਰਕ) ਵਜੋਂ ਸੇਵਾ ਨਿਭਾ ਚੁੱਕਾ ਸੀ ਅਤੇ ਇਸ ਸਮੇਂ ਵੀਵੀਆਈਪੀ ਕਾਫ਼ਲਿਆਂ ਦੇ ਨਾਲ ਚੱਲਣ ਵਾਲੇ ਜੈਮਰ ਵਾਹਨ ’ਚ ਤਾਇਨਾਤ ਸੀ। ਬੀ.ਐੱਸ.ਐੱਫ਼. ਵੱਲੋਂ ਦਿੱਤੀ ਗਈ ਸੂਚਨਾ ’ਤੇ ਕਾਰਵਾਈ ਕਰਦੇ ਸਰਾਏ ਅਮਾਨਤ ਖਾਂ ਪੁਲਸ ਮੌਕੇ ’ਤੇ ਪਹੁੰਚੀ ਅਤੇ ਮੁਲਜ਼ਮ ਨੂੰ ਹਿਰਾਸਤ ’ਚ ਲੈ ਲਿਆ।

## ਝੋਟੇ ਦੇ ਕਾਤਲ ਦੇ ਮੈਡੀਕਲ ਸਟੋਰ ਦਾ ਘਰ ਢਾਹਿਆ, ਦੁਕਾਨ ਤੇ ਮਕਾਨ ਨੂੰ ਲਾਈ ਅੱਗ, ਇਲਾਕੇ ’ਚ ਭਾਰੀ ਪੁਲਸ ਤਾਇਨਾਤ



**ਮਾਨਸਾ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮਾਨਸਾ ਵਿਖੇ ਗੋਲੀਆਂ ਮਾਰ ਕੇ ਕਤਲ ਕੀਤੇ ਗਏ ਐਂਟੀ ਡਰੱਗ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ’ਚ ਪ੍ਰਸ਼ਾਸਨ ਨੇ ਵੱਡੀ ਕਾਰਵਾਈ ਕਰਦਿਆਂ ਮੁੱਖ ਕਾਤਲ ਅਸ਼ਵਨੀ ਕੁਮਾਰ ਦੇ ਘਰ ਅਤੇ ਮੈਡੀਕਲ ਸਟੋਰ ’ਤੇ ਬੁਲਡੋਜ਼ਰ ਚਲਵਾ ਦਿੱਤਾ। ਮੈਡੀਕਲ ਸਟੋਰ ’ਤੇ ਬੁਲਡੋਜ਼ਰ ਚਲਾਏ ਜਾਣ ਦੌਰਾਨ ਮੌਕੇ ’ਤੇ ਮੌਜੂਦ ਲੋਕਾਂ ’ਚ ਕਾਫ਼ੀ ਰੋਸ ਦੇਖਣ ਨੂੰ ਮਿਲਿਆ। ਜਿੱਥੇ ਕੁੱਝ ਲੋਕਾਂ ਵੱਲੋਂ ਮੈਡੀਕਲ ਸਟੋਰ ’ਤੇ ਪੱਥਰਬਾਜ਼ੀ ਕੀਤੀ ਗਈ, ਉੱਥੇ ਹੀ ਕੁੱਝ ਲੋਕਾਂ ਵਲੋਂ ਮੈਡੀਕਲ ਸਟੋਰ ਅਤੇ ਘਰ ਨੂੰ ਅੱਗ ਲਾਉਣ ਦੀ ਵੀ ਖ਼ਬਰ ਸਾਹਮਣੇ ਆ ਰਹੀ ਹੈ। ਇਸ ਘਟਨਾ ਕਾਰਨ ਇਲਾਕੇ ’ਚ ਤਣਾਅ ਦੀ ਸਥਿਤੀ ਬਣੀ ਰਹੀ। ਪ੍ਰਸ਼ਾਸਨ ਵੱਲੋਂ ਭਾਰੀ ਪੁਲਸ ਫੋਰਸ ਤਾਇਨਾਤ ਕੀਤੀ ਗਈ ਤਾਂ ਜੋ ਸਥਿਤੀ ਨੂੰ ਕਾਬੂ ’ਚ ਰੱਖਿਆ ਜਾ ਸਕੇ ਅਤੇ ਕਿਸੇ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਲੋੜੀਂਦੇ ਕਦਮ ਚੁੱਕੇ ਜਾ ਸਕਣ। ਪਰਵਿੰਦਰ ਸਿੰਘ ਝੋਟਾ ਦੇ ਕਤਲ ਤੋਂ ਬਾਅਦ ਹੀ ਲੋਕ ਮੁਲਜ਼ਮ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕਰ ਰਹੇ ਸਨ। ਪਰਵਿੰਦਰ ਸਿੰਘ ਝੋਟਾ ਕਤਲ ਮਾਮਲੇ ਤੋਂ ਬਾਅਦ ਮਾਨਸਾ ’ਚ ਕਾਨੂੰਨ-ਵਿਵਸਥਾ ਨੂੰ ਲੈ ਕੇ ਪ੍ਰਸ਼ਾਸਨ ਸਾਹਮਣੇ ਚੁਣੌਤੀ ਬਣੀ ਹੋਈ ਹੈ। ਘਟਨਾ ਤੋਂ ਬਾਅਦ ਲੋਕਾਂ ’ਚ ਗੁੱਸਾ ਅਤੇ ਮੁਲਜ਼ਮਾਂ ਖ਼ਿਲਾਫ਼ ਕਾਰਵਾਈ ਦੀ ਮੰਗ ਲਗਾਤਾਰ ਉੱਠ ਰਹੀ ਹੈ। ਅਜਿਹੇ ’ਚ ਪੁਲਸ ਅਤੇ ਪ੍ਰਸ਼ਾਸਨ ਵੱਲੋਂ ਹਾਲਾਤ ’ਤੇ ਨਜ਼ਰ ਰੱਖੀ ਜਾ ਰਹੀ ਹੈ। ਸਥਾਨਕ ਪੱਧਰ ’ਤੇ ਇਸ ਮਾਮਲੇ ਨੂੰ ਲੈ ਕੇ ਲੋਕਾਂ ਦੀਆਂ ਨਜ਼ਰਾਂ ਹੁਣ ਪੁਲਸ ਦੀ ਜਾਂਚ ਅਤੇ ਅਗਲੀ ਕਾਨੂੰਨੀ ਕਾਰਵਾਈ ’ਤੇ ਟਿਕੀਆਂ ਹੋਈਆਂ ਹਨ। ਲੋਕਾਂ ਦੀ ਮੁੱਖ ਮੰਗ ਹੈ ਕਿ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਦੀ ਨਿਰਪੱਖ ਜਾਂਚ ਹੋਵੇ ਅਤੇ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਖ਼ਤ ਸਜ਼ਾ ਦਿੱਤੀ ਜਾਵੇ।


ਪਰਵਿੰਦਰ ਸਿੰਘ ਝੋਟਾ ਮਾਮਲੇ 'ਚ
15 ਨੂੰ ਪੰਜਾਬ ਬੰਦ ਦਾ ਸੱਦਾ
ਕਮੇਟੀ ਦੀਆਂ ਮੰਗਾਂ ;
● ਮੁੱਖ ਮੰਤਰੀ ਅਤੇ ਡੀਜੀਪੀ ਦੇਣ ਅਸਤੀਫਾ।
● ਸੀਬੀਆਈ ਨੂੰ ਜਾਂਚ ਦੇ ਕੇ ਪੋਸਟ ਮਾਰਟਮ ਪੀਜੀਆਈ ਤੋਂ ਕਰਵਾਇਆ ਜਾਵੇ।
● ਸਥਾਨਕ ਜਿੰਮੇਵਾਰ ਪੁਲਸ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਖਿਲਾਫ ਹੋਵੇ ਕਾਰਵਾਈ।
● ਮੰਗਾਂ ਦੀ ਪੂਰਤੀ ਤੱਕ ਸਸਕਾਰ ਕਰਨ ਤੋਂ ਇਨਕਾਰ
ਆਵਾਜ਼ਿ ਕੌਮ
AWAZE QAUM
International Newspaper & WEB TV

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

ਧੁਰੋਂ ਸ਼ਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

## 1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

## ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

**ਮਿਤੀ 1 ਨਵੰਬਰ 2026 ਦਿਨ ਐਤਵਾਰ**
**ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।**

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ। ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



**30 ਅਕਤੂਬਰ 2026 ਦਿਨ ਸ਼ੁੱਕਰਵਾਰ**

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

**1 ਨਵੰਬਰ 2026 ਦਿਨ ਐਤਵਾਰ ਨੂੰ**

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



DHAN DHAN SRI GURU NANAK DEV JI
PARKASH PURAB

SANDWELL

# NAGAR KIRTAN

# ਨਗਰ ਕੀਰਤਨ



## SUNDAY 1ST NOVEMBER 2026

| | | | |
|---|---|---|---|
| **GURDWARA GURU HAR RAI SAHIB JI**<br>George Street, West Bromwich | START 9:00AM | ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ<br>ਜਾਰਜ ਸਟਰੀਟ, ਵੈਸਟ ਬ੍ਰਮਿਚ | ਅਰੰਭਤਾ: ੯:੦੦ ਵਜੇ |
| **GURU NANAK GURDWARA**<br>Edward Street, West Bromwich | 11:00AM | ਗੁਰੂ ਨਾਨਕ ਗੁਰਦੁਆਰਾ<br>ਐਡਵਰਡ ਸਟਰੀਟ, ਵੈਸਟ ਬ੍ਰਮਿਚ | ੧੧:੦੦ ਵਜੇ |
| **GURDWARA AMRIT PARCHAR DHARMIK DIWAN**<br>Birmingham Road, Oldbury | 1:00PM | ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ<br>ਬ੍ਰਮਿੰਘਮ ਰੋਡ, ਓਲਡਬਰੀ | ੧:੦੦ ਵਜੇ |
| **GURDWARA GURU MANEYO GRANTH**<br>Popes Lane, Oldbury | 2:00PM | ਗੁਰਦੁਆਰਾ ਗੁਰੂ ਮਾਨਯੋ ਗ੍ਰੰਥ<br>ਪੋਪਸ ਲੇਨ, ਓਲਡਬਰੀ | ੨:੦੦ ਵਜੇ |
| **GURDWARA BABA SANG**<br>St. Paul's Road, Smethwick | 3:15PM | ਗੁਰਦੁਆਰਾ ਬਾਬਾ ਸੰਗ ਜੀ<br>ਸਟ, ਪੋਲਜ਼ ਰੋਡ, ਸਮੇਦਿਕ | ੩:੧੫ ਵਜੇ |
| **GURU NANAK GURDWARA SMETHWICK**<br>High Street, Smethwick | 4:00PM | ਗੁਰੂ ਨਾਨਕ ਗੁਰਦੁਆਰਾ<br>ਸਮੇਦਿਕ | ੪:੦੦ ਵਜੇ |

**GURDWARA GURU HAR RAI SAHIB - 0121 553 7219**
**GURU NANAK GURDWARA SMETHWICK - 0121 558 2527**

ਆਵਾਜ਼ਿ ਕੌਮ
AWAZE QAUM
International Newspaper & WEB TV


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਉਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ਿ ਕੌਮ AWAZE QAUM International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar



ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ
ਪ੍ਰਕਾਸ਼ ਪੁਰਬ
ਨੂੰ ਸਮਰਪਿਤ ਸਮਾਗਮ ਗੁਰਦੁਆਰਾ ਸਿੰਘ ਸਭਾ ਘੱਗਾ ਵਿਖੇ
ਮਿਤੀ:-
25, ਅਤੇ 26 ਅਕਤੂਬਰ
ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ
ਦੀਵਾਨ
27 ਅਕਤੂਬਰ ਨੂੰ
ਸਵੇਰੇ 9 ਵਜੇ ਤੋਂ ਸਵੇਰੇ 11:30 ਵਜੇ ਤੱਕ
ਸਮਾਗਮ
ਬਾਬਾ ਸੁਖਵਿੰਦਰ ਸਿੰਘ ਜੀ (ਘੱਗੇ ਵਾਲੇ)
ਗਿਆਨੀ ਰਵਿੰਦਰ ਸਿੰਘ (ਦਮਦਮੀ ਟਕਸਾਲ)
ਗਿਆਨੀ ਜਗਜੀਤ ਸਿੰਘ ਜੀ (ਹੈੱਡ ਗ੍ਰੰਥੀ ਗੁ: ਨਾਢਾ ਸਾਹਿਬ)
ਗਿਆਨੀ ਜਸਵੀਰ ਸਿੰਘ ਜੀ (ਖਤਰ)
ਬਾਬਾ ਬਲਜੀਤ ਸਿੰਘ ਜੀ (ਵੱਕਰ)
ਬਾਬਾ ਦਰਸ਼ਨ ਸਿੰਘ ਜੀ
ਗਿਆਨੀ ਦਇਆ ਸਿੰਘ ਜੀ
ਭਾਈ ਗੁਰਸੇਵਕ ਸਿੰਘ ਰੰਗੀਲਾ ਜੀ (ਹਜੂਰੀ ਜੱਥਾ ਗੁ: ਦਾਦੂ ਸਾਹਿਬ)
ਬਾਬਾ ਦਲਜੀਤ ਸਿੰਘ ਜੀ (ਬਰਾਸ ਵਾਲੇ)
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਆਪ ਜੀ ਨੇ ਇਹਨਾਂ ਸਮਾਗਮਾਂ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।
ਮੋ. 90411-47540, 90413-28422, 91150-66349
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਅਤੇ ਸਮੂਹ ਸਾਧਸੰਗਤ, ਘੱਗਾ




7ਵਾਂ ਸਾਲਾਨਾ ਗੁਰਮਤਿ ਸਮਾਗਮ
ਪਿੰਡ ਸੰਗਤਪੁਰਾ ਮੋਹਾਲੀ
21 ਤੋਂ 25 ਅਕਤੂਬਰ 2026
ਸਮਾ: ਸ਼ਾਮ 6 ਤੋਂ 10 ਵਜੇ ਤੱਕ
ਦਸਤਾਰ ਬੰਦੀ ਮੁਕਾਬਲੇ
23 ਅਕਤੂਬਰ 2026 ਸਵੇਰੇ 10 ਵਜੇ
ਲੰਬੇ ਕੇਸ ਮੁਕਾਬਲੇ
ਅੰਮ੍ਰਿਤ ਸੰਚਾਰ
25 ਅਕਤੂਬਰ, ਸ਼ਾਮ 5 ਵਜੇ
ਸੰਗਤਾਂ ਲਈ ਬੱਸਾਂ ਦੀ ਸੇਵਾ ਮੁਫਤ ਲਗਾਈ ਜਾਵੇਗੀ
ਗੁਰੂ ਕਾ ਲੰਗਰ ਅਟੁੱਟ ਵਰਤੇਗਾ
ਖੂਨਦਾਨ ਕੈਂਪ
23 ਅਕਤੂਬਰ, ਸਵੇਰੇ 10 ਵਜੇ
ਮੈਡੀਕਲ ਕੈਂਪ
5 ਦਿਨ
DARVESH TV
LIVE ON
ਸੰਪਰਕ :-
62845-76824
94642-46744
SCAN FOR LOCATION
ਬਾਬਾ ਇਸ਼ਰ ਸਿੰਘ ਜੀ
ਸੰਗਤਪੁਰੇ ਵਾਲੇ
ਵਿਸ਼ੇਸ਼ ਹਾਜ਼ਰੀ
ਸੰਤ ਬਾਬਾ ਗੁਲਾਬ ਸਿੰਘ ਜੀ
ਸ੍ਰੀ ਚਮਕੌਰ ਸਾਹਿਬ ਵਾਲੇ

ਅਸੁਰ ਸੰਘਾਰਬੇ ਕਉ, ਦੁਰਜਨ ਕੇ ਮਾਰਬੇ ਕਉ, ਪਤਿਤ ਉਧਾਰਬੇ ਕਉ ਖਾਲਸਾ ਬਨਾਯੋ ਹੈ।

ਅਖੰਡ ਕੀਰਤਨੀ ਜੱਥੇ ਦੇ ਇਸ ਮਹਾਨ ਗੁਰਮੁਖ ਯੋਧੇ ਦੀ ਨਿਡਰਤਾ, ਸਿਦਕ ਅਤੇ ਪੰਥਕ ਵਚਨਬੱਧਤਾ ਸਦਾ ਸਿੱਖ ਕੌਮ ਲਈ ਪ੍ਰੇਰਣਾ ਦਾ ਚਾਨਣ ਬਣੀ ਰਹੇਗੀ। ਆਓ 15 ਅਕਤੂਬਰ ਨੂੰ ਉਨ੍ਹਾਂ ਦੇ ਸ਼ਹੀਦੀ ਦਿਵਸ 'ਤੇ ਵੱਧ ਤੋਂ ਵੱਧ ਗੁਰਦੁਆਰਿਆਂ ਵਿੱਚ ਕੀਰਤਨ, ਢਾਡੀ, ਕਵੀਸ਼ਰੀ ਤੇ ਕਵੀ ਦਰਬਾਰ ਸਜਾ ਕੇ ਇਸ ਮਹਾਨ ਸ਼ਹਾਦਤ ਨੂੰ ਸਿਜਦਾ ਕਰੀਏ। ਉਨ੍ਹਾਂ ਦੀ ਯਾਦ ਨੂੰ ਸੱਚੀ ਸ਼ਰਧਾਂਜਲੀ ਇਹ ਹੋਵੇਗੀ ਕਿ ਅਸੀਂ ਪ੍ਰਣ ਕਰੀਏ ਕਿ ਅਸੀਂ ਸਾਰੇ ਆਪਣੀਆਂ ਅੰਤਮ ਸਵਾਸਾਂ ਤੱਕ ਖਾਲਸਾਈ ਹਲੇਮੀ ਰਾਜ ਪ੍ਰਾਪਤ ਕਰਨ ਲਈ ਜਤਨਸ਼ੀਲ ਰਹਾਂਗੇ, ਭਾਵੇਂ ਸਾਡੇ ਸਿਰਾਂ 'ਤੇ ਆਰੇ ਚੱਲਣ, ਭਾਵੇਂ ਸਾਨੂੰ ਦੇਗਾਂ ਵਿੱਚ ਉਬਾਲਿਆ ਜਾਵੇ, ਭਾਵੇਂ ਸਾਨੂੰ ਚਰਖੜੀਆਂ 'ਤੇ ਚੜ੍ਹਾਇਆ ਜਾਵੇ, ਭਾਵੇਂ ਸਾਡੇ ਖੋਪਰ ਲਾ ਦਿੱਤੇ ਜਾਣ, ਅਸੀਂ ਖਾਲਸਾਈ ਹਲੇਮੀ ਰਾਜ ਦੀ ਪ੍ਰਾਪਤੀ ਤੱਕ ਸੰਘਰਸ਼ਸ਼ੀਲ ਰਹਾਂਗੇ।



ਸ਼ਹਾਦਤ ਦਿਹਾੜਾ 15 ਅਕਤੂਬਰ 1992

ਆਵਾਜ਼ਿ ਕੌਮ AWAZE QAUM International Newspaper & WEB TV

# ਬੱਬਰ ਖਾਲਸਾ ਦੇ ਬਾਨੀ ਜਥੇਦਾਰ
# ਭਾਈ ਤਲਵਿੰਦਰ ਸਿੰਘ ਪਰਮਾਰ
## ਦੀ ਸ਼ਹਾਦਤ ਨੂੰ ਕੋਟਿ ਕੋਟਿ ਪ੍ਰਣਾਮ



ਗੁਰੂ ਪੰਥ ਦਾ ਸੇਵਾਦਾਰ

**ਪਰਮਜੀਤ ਸਿੰਘ ਭਿਓਰਾ**

ਨਜ਼ਰਬੰਦ ਬੁੜੈਲ ਜੇਲ੍ਹ ਚੰਡੀਗੜ੍ਹ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਪੰਜਾਬ ਨੂੰ ਨਸ਼ਿਆਂ ਵਿਰੁੱਧ ਸਮੁੱਚੀ ਨੀਤੀ ਦੀ ਲੋੜ

# ਸਿਰਫ਼ ਗ੍ਰਿਫ਼ਤਾਰੀਆਂ ਨਹੀਂ, ਸਗੋਂ ਰੋਕਥਾਮ, ਇਲਾਜ, ਪਰਿਵਾਰਕ ਭਲਾਈ ਅਤੇ ਮੁੜ ਵਸੇਬਾ



## ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਪੰਜਾਬ ਲਈ 2026-2036 ਦੀ ਦਸ ਸਾਲਾ ਨਸ਼ਾ ਨੀਤੀ ਦਾ ਪ੍ਰਸਤਾਵ

ਫ਼ਿਰੋਜ਼ਪੁਰ, 14 ਅਕਤੂਬਰ (ਮਨੋਹਰ ਲਾਲ):— ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਦੇ ਹੱਲ ਲਈ ਇੱਕ ਵਿਆਪਕ ਦਸ ਸਾਲਾ ਨੀਤੀ ਦਾ ਪ੍ਰਸਤਾਵ ਪੇਸ਼ ਕਰਦਾ ਹੈ। ਇਸ ਨੀਤੀ ਵਿੱਚ ਨਸ਼ਿਆਂ ਦੀ ਰੋਕਥਾਮ, ਡਾਕਟਰੀ ਇਲਾਜ, ਮਾਨਸਿਕ ਰੋਗਾਂ ਦਾ ਇਲਾਜ, ਮਨੋਵਿਗਿਆਨਕ ਸਹਾਇਤਾ, ਪਰਿਵਾਰਕ ਭਲਾਈ, ਮੁੜ ਵਸੇਬਾ, ਜੇਲ੍ਹ ਸੁਧਾਰ, ਸੰਗਠਿਤ ਨਸ਼ਾ ਤਸਕਰੀ ਵਿਰੁੱਧ ਕਾਰਵਾਈ ਅਤੇ ਲੋਕਤੰਤਰੀ ਭਾਈਚਾਰਕ ਭਾਗੀਦਾਰੀ ਨੂੰ ਸ਼ਾਮਲ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਆਗੂਆਂ ਨੇ ਕਿਹਾ ਕਿ ਛੇ ਆਪਸ ਵਿੱਚ ਜੁੜੇ ਨੀਤੀ ਪੱਤਰਾਂ ਉੱਤੇ ਆਧਾਰਿਤ ਇਹ ਪ੍ਰਸਤਾਵ ਇਸ ਗੱਲ ਨੂੰ ਮੰਨਦਾ ਹੈ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਦਾ ਹੱਲ ਕੇਵਲ ਪੁਲਿਸ ਕਾਰਵਾਈਆਂ, ਗ੍ਰਿਫ਼ਤਾਰੀਆਂ ਅਤੇ ਨਸ਼ਿਆਂ ਦੀ ਬਰਾਮਦਗੀ ਨਾਲ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਸਾਡਾ ਬੁਨਿਆਦੀ ਸਿਧਾਂਤ ਹੈ ਕਿ ਨਸ਼ੇ ਦੀ ਲਤ ਤੋਂ ਪੀੜਤ ਵਿਅਕਤੀ ਨੂੰ ਆਪਣੇ ਆਪ ਅਪਰਾਧੀ ਸਮਝਣ ਦੀ ਥਾਂ ਇਲਾਜ ਅਤੇ ਮੁੜ ਵਸੇਬੇ ਦੀ ਲੋੜ ਵਾਲੇ ਮਨੁੱਖ ਵਜੋਂ ਦੇਖਿਆ ਜਾਵੇ ਅਤੇ ਦੂਜੇ ਪਾਸੇ ਨਸ਼ਾ ਤਸਕਰਾਂ, ਭ੍ਰਿਸ਼ਟ ਅਧਿਕਾਰੀਆਂ ਅਤੇ ਸੰਗਠਿਤ ਅਪਰਾਧੀ ਗਿਰੋਹਾਂ ਵਿਰੁੱਧ ਸਖ਼ਤ, ਪ੍ਰਭਾਵਸ਼ਾਲੀ ਅਤੇ ਜਵਾਬਦੇਹ ਕਾਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਲਤ ਪੈਣ ਤੋਂ ਪਹਿਲਾਂ ਹੀ ਨਸ਼ਿਆਂ ਦੀ ਮੰਗ ਘਟਾਉਣੀ ਜ਼ਰੂਰੀ ਹੈ ਅਤੇ ਸਕੂਲਾਂ, ਕਾਲਜਾਂ, ਮਾਪਿਆਂ, ਨੌਜਵਾਨ ਜਥੇਬੰਦੀਆਂ, ਪੰਚਾਇਤਾਂ, ਨਗਰ ਸੰਸਥਾਵਾਂ ਅਤੇ ਧਾਰਮਿਕ ਅਦਾਰਿਆਂ ਨੂੰ ਲਗਾਤਾਰ ਰੋਕਥਾਮ ਦੇ ਪ੍ਰੋਗਰਾਮਾਂ ਵਿੱਚ ਭਾਗੀਦਾਰ ਬਣਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰੇ ਸੰਗਤ, ਸੇਵਾ, ਬਰਾਬਰੀ ਅਤੇ ਸਮਾਜਿਕ ਜ਼ਿੰਮੇਵਾਰੀ ਦੇ ਸਿਧਾਂਤਾਂ ਰਾਹੀਂ ਨੌਜਵਾਨਾਂ ਨੂੰ ਸਿੱਖਿਅਤ ਕਰਨ, ਪ੍ਰਭਾਵਿਤ ਪਰਿਵਾਰਾਂ ਦੀ ਸਹਾਇਤਾ ਕਰਨ ਅਤੇ ਨਸ਼ਿਆਂ ਤੋਂ ਉਭਰ ਰਹੇ ਵਿਅਕਤੀਆਂ ਨੂੰ ਮੁੜ ਸਮਾਜ ਨਾਲ ਜੋੜਨ ਵਿੱਚ ਮਹੱਤਵਪੂਰਨ ਸਵੈਇੱਛਤ ਭੂਮਿਕਾ ਨਿਭਾ ਸਕਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੌਜੂਦਾ ਓ.ਓ.ਏ.ਟੀ. ਕੇਂਦਰਾਂ, ਸਰਕਾਰੀ ਹਸਪਤਾਲਾਂ ਅਤੇ ਸਿਹਤ ਸੰਸਥਾਵਾਂ ਨੂੰ ਇੱਕ ਸਾਂਝੀ ਇਲਾਜ ਪ੍ਰਣਾਲੀ ਵਿੱਚ ਜੋੜਿਆ ਜਾਵੇ ਅਤੇ ਇਸ ਪ੍ਰਣਾਲੀ ਵਿੱਚ ਨਸ਼ਿਆਂ ਦੀ ਲਤ ਦਾ ਡਾਕਟਰੀ ਇਲਾਜ, ਮਾਨਸਿਕ ਰੋਗਾਂ ਦੀ ਜਾਂਚ, ਮਨੋਵਿਗਿਆਨਕ ਸਲਾਹ ਮਸ਼ਵਰਾ, ਨਸ਼ੇ ਦੀ ਵੱਧ ਮਾਤਰਾ ਕਾਰਨ ਹੋਣ ਵਾਲੀਆਂ ਮੌਤਾਂ ਦੀ ਰੋਕਥਾਮ ਅਤੇ ਲੰਮੇ ਸਮੇਂ ਤੱਕ ਇਲਾਜ ਦੀ ਨਿਰੰਤਰਤਾ ਸ਼ਾਮਲ ਹੋਵੇ। ਉਨ੍ਹਾਂ ਕਿਹਾ ਕਿ ਇਲਾਜ ਵਿਗਿਆਨਕ ਸਬੂਤਾਂ ਉੱਤੇ ਆਧਾਰਿਤ ਹੋਵੇ ਅਤੇ ਮਰੀਜ਼ ਦੇ ਅਧਿਕਾਰਾਂ ਅਤੇ ਮਾਣ ਸਨਮਾਨ ਦੀ ਰਾਖੀ ਕਰੇ। ਮੁੜ ਵਸੇਬੇ ਦਾ ਅਰਥ ਜ਼ਬਰਦਸਤੀ ਬੰਦ ਕਰਨਾ ਜਾਂ ਕੁਝ ਦਿਨਾਂ ਲਈ ਨਸ਼ਾ ਛੁਡਾਉਣਾ ਹੀ ਨਹੀਂ ਹੋਣਾ ਚਾਹੀਦਾ।

ਉਨ੍ਹਾਂ ਕਿਹਾ ਕਿ ਨਸ਼ੇੜੀ ਸਦਕਾ ਉਸ ਦੇ ਜੀਵਨ ਸਾਥੀ, ਬੱਚੇ, ਮਾਪੇ ਅਤੇ ਦੇਖਭਾਲ ਕਰਨ ਵਾਲੇ ਪਰਿਵਾਰਕ ਮੈਂਬਰ ਆਰਥਿਕ ਤੰਗੀ, ਮਾਨਸਿਕ ਪਰੇਸ਼ਾਨੀ ਅਤੇ ਪਰਿਵਾਰਕ ਅਸਥਿਰਤਾ ਦਾ ਸਾਹਮਣਾ ਕਰ ਸਕਦੇ ਹਨ। ਇਸ ਲਈ ਨੀਤੀ ਵਿੱਚ ਪਰਿਵਾਰਕ ਸਲਾਹ ਮਸ਼ਵਰਾ, ਬੱਚਿਆਂ ਦੀ ਭਲਾਈ, ਸਿੱਖਿਆ ਲਈ ਸਹਾਇਤਾ, ਰੁਜ਼ਗਾਰ, ਹੁਨਰ ਸਿਖਲਾਈ ਅਤੇ ਸਮਾਜ ਵਿੱਚ ਮੁੜ ਸਥਾਪਨਾ ਦੇ ਪ੍ਰੋਗਰਾਮ ਸ਼ਾਮਲ ਕੀਤੇ ਜਾਣ। ਅਸਲ ਮੁੜ ਵਸੇਬਾ ਸਿਰਫ਼ ਨਸ਼ਾ ਛੱਡਣਾ ਨਹੀਂ, ਸਗੋਂ ਸਿਹਤ, ਮਨੁੱਖੀ ਮਾਣ, ਪਰਿਵਾਰਕ ਰਿਸ਼ਤਿਆਂ ਅਤੇ ਆਰਥਿਕ ਖ਼ੁਦਮੁਖ਼ਤਿਆਰੀ ਦੀ ਬਹਾਲੀ ਹੈ। ਉਨ੍ਹਾਂ ਕਿਹਾ ਕਿ ਪੁਲਿਸ, ਜੇਲ੍ਹਾਂ ਅਤੇ ਫੌਜਦਾਰੀ ਨਿਆਂ ਪ੍ਰਣਾਲੀ ਵਿਚ ਸੁਧਾਰ ਬਹੁਤ ਜ਼ਰੂਰੀ ਹੈ।

ਆਗੂਆਂ ਨੇ ਕਿਹਾ ਕਿ ਨੀਤੀ ਵਿੱਚ ਕਾਨੂੰਨ ਅਨੁਸਾਰ ਇਲਾਜ ਵੱਲ ਭੇਜਣ ਦੀ ਪ੍ਰਣਾਲੀ, ਫ਼ੋਰੈਂਸਿਕ ਸਬੂਤਾਂ ਦੀ ਸੁਤੰਤਰ ਸੁਰੱਖਿਆ, ਨਸ਼ਾ ਤਸਕਰੀ ਤੋਂ ਹੋਣ ਵਾਲੀ ਕਮਾਈ ਅਤੇ ਭ੍ਰਿਸ਼ਟਾਚਾਰ ਦੀ ਪ੍ਰਭਾਵਸ਼ਾਲੀ ਜਾਂਚ ਅਤੇ ਪੁਲਿਸ ਜਾਂਚ, ਸਬੂਤਾਂ ਦੇ ਪ੍ਰਬੰਧ ਅਤੇ ਹਿਰਾਸਤੀ ਡਾਕਟਰੀ ਸੇਵਾਵਾਂ ਵਿਚਕਾਰ ਸੰਸਥਾਗਤ ਵੱਖਰੇਵੇਂ ਦਾ ਪ੍ਰਸਤਾਵ ਹੈ ਅਤੇ ਜੇਲ੍ਹਾਂ ਵਿੱਚ ਡਾਕਟਰੀ ਤੇ ਮਾਨਸਿਕ ਇਲਾਜ, ਸਿੱਖਿਆ, ਹੁਨਰ ਸਿਖਲਾਈ ਅਤੇ ਰਿਹਾਈ ਤੋਂ ਬਾਅਦ ਮੁੜ ਵਸੇਬੇ ਦੀ ਪ੍ਰਣਾਲੀ ਬਣਾਈ ਜਾਣੀ ਚਾਹੀਦੀ ਹੈ। ਇਸ ਮੌਕੇ ਇਮਾਨ ਸਿੰਘ ਮਾਨ ਕਾਰਜਕਾਰੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਹਰਜਿੰਦਰ ਸਿੰਘ ਜੱਖੂ ਜਰਨਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਹਰਜੀਤ ਸਿੰਘ ਮੀਆਂਪੁਰ ਜ਼ਿਲ੍ਹਾ ਪ੍ਰਧਾਨ ਤਾਰਨਤਾਰਨ, ਦਲਜੀਤ ਸਿੰਘ ਬਾਜਵਾ ਦਫ਼ਤਰ ਸਕੱਤਰ ਤਾਰਨਤਾਰਨ, ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ ਤੇਜਿੰਦਰ ਸਿੰਘ ਦਿਓਲ ਯੂਥ ਪ੍ਰਧਾਨ ਪੰਜਾਬ ਜਗਜੀਤ ਸਿੰਘ ਸ਼ੂਸ਼ਕ ਤਾਲਮੇਲ ਸਕੱਤਰ ਯੂਥ ਵਿੰਗ ਪੰਜਾਬ, ਅਮਰਿੰਦਰ ਸਿੰਘ ਲਾਡੀ ਮੀਡੀਆ ਇੰਚਾਰਜ ਯੂਥ ਵਿੰਗ, ਪ੍ਰਗਟ ਸਿੰਘ ਵਾਹਕਾ ਮੁੱਖ ਬੁਲਾਰਾ ਫਿਰੋਜ਼ਪੁਰ ਗੁਰਵਿੰਦਰ ਸਿੰਘ ਮਹਾਲਮ ਜ਼ਿਲ੍ਹਾ ਯੂਥ ਪ੍ਰਧਾਨ ਫਿਰੋਜ਼ਪੁਰ, ਕੁਲਵੀਰ ਸਿੰਘ ਜ਼ਿਲ੍ਹਾ ਯੂਥ ਪ੍ਰਧਾਨ ਹੋਸ਼ਿਆਰਪੁਰ, ਲਖਵਿੰਦਰ ਸਿੰਘ ਸੁਪਰ ਹਲਕਾ ਇੰਚਾਰਜ ਜ਼ੀਰਾ, ਜੋਗਿੰਦਰ ਸਿੰਘ ਮਲੇਵਾਲਾ ਜਰਨਲ ਸਕੱਤਰ ਜ਼ਿਲ੍ਹਾ ਫਿਰੋਜ਼ਪੁਰ, ਦਵਿੰਦਰ ਸਿੰਘ ਚੂਰੀਆਂ ਸੀਨੀਅਰ ਮੀਤ ਪ੍ਰਧਾਨ ਜ਼ਿਲ੍ਹਾ ਫਿਰੋਜ਼ਪੁਰ, ਬਲਕਾਰ ਸਿੰਘ ਜੋਗੇਵਾਲਾ ਪ੍ਰਧਾਨ ਕਿਸਾਨ ਵਿੰਗ ਫਿਰੋਜ਼ਪੁਰ, ਇਕਬਾਲ ਸਿੰਘ ਗੁਰੂਹਰਸਹਾਏ ਸੀਨੀਅਰ ਆਗੂ, ਸੁਖਜੀਤ ਸਿੰਘ ਮੱਖੂ ਸੀਨੀਅਰ ਆਗੂ, ਜਸਵੰਤ ਸਿੰਘ ਮਮਦੋਟ, ਮੋਹਨ ਸਿੰਘ ਨਿਯਜ਼ੀਆਂ, ਸੁਖਦੇਵ ਸਿੰਘ ਵੇਹੜੀ, ਪਾਲ ਸਿੰਘ ਸਿੱਧੂ, ਸੁਖਚੈਨ ਸਿੰਘ ਬਸਤੀ ਗੁਲਾਬ ਸਿੰਘ ਵਾਲੀ, ਸਤਨਾਮ ਸਿੰਘ ਮਹਾਲਮ, ਭੁਪਿੰਦਰ ਸਿੰਘ ਬਹਾਦਰ ਵਾਲਾ, ਅਰਵਿੰਦਰ ਸਿੰਘ ਬੱਲ, ਕਰਤਾਰ ਸਿੰਘ ਉੱਪਲ, ਗਗਨਦੀਪ ਸਿੰਘ ਨਿਜ਼ਾਮਵਾਲਾ, ਸਰਬਜੀਤ ਸਿੰਘ ਤਲਵੰਡੀ, ਜਸਬੀਰ ਕੌਰ ਜ਼ਿਲ੍ਹਾ ਪ੍ਰਧਾਨ ਇਸਤਰੀ ਵਿੰਗ, ਹਜ਼ਾਰਾ ਸਿੰਘ ਆਰਿਫਕੇ, ਸੁੱਚਾ ਸਿੰਘ ਭਾਣੇ ਵਾਲੀ, ਬਲਦੇਵ ਸਿੰਘ ਤਲਵੰਡੀ ਭਾਈ, ਕੰਵਸ਼ਮਸ਼ੇਰ ਸਿੰਘ ਯੂਥ ਵਿੰਗ, ਸੁਖਮੰਦਰ ਸਿੰਘ, ਜਗਜੀਤ ਸਿੰਘ ਖਾਲਸਾ ਜ਼ੀਰਾ, ਆਦਿ ਹਾਜ਼ਿਰ ਸਨ।

### ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼ ਵਲੋਂ

# ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕਿਆ



**ਚੌਕ ਮਹਿਤਾ, 14 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼ ਵਲੋ ਜਿਲ੍ਹਾ ਪ੍ਰਧਾਨ ਕਰਨਜੀਤ ਸਿੰਘ ਦੀ ਅਗਵਾਈ ਹੇਠ ਕੋਟ ਮਾਹਣਾ ਸਿੰਘ ਤਰਨ ਤਾਰਨ ਰੋਡ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪੁਤਲਾ ਫੂਕਿਆ ਗਿਆ ਇਸ ਮੌਕੇ ਜਿਲਾ ਪ੍ਰਧਾਨ ਕਰਨਜੀਤ ਸਿੰਘ ਨੇ ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਵਿੱਚ ਇਸ ਵੇਲੇ ਨਸ਼ੇ ਬਹੁਤ ਜਿਆਦਾ ਵੱਧ ਗਏ ਹਨ ਜਿਸਨੂੰ ਕੰਟਰੋਲ ਕਰਨਾ ਪੰਜਾਬ ਸਰਕਾਰ ਦੇ ਵੱਸ ਤੋਂ ਬਾਹਰ ਹੋ ਗਿਆ ਹੈ ਜਿਸਦੀ ਜਿੰਮੇਵਾਰ ਪੰਜਾਬ ਸਰਕਾਰ ਹੈ ਬੀਤੇ ਦਿਨ ਪਰਮਿੰਦਰ ਸਿੰਘ ਝੋਟਾ ਦੀ ਨਸ਼ਾ ਵੇਚਣ ਵਾਲਿਆਂ ਵਲੋ ਹੱਤਿਆ ਕਰ ਦਿੱਤੀ ਗਈ ਇਸ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਖਿਲਾਫ ਸਖਤ ਕਾਰਵਾਈ ਨਾ ਕਰਨ ਕਰਕੇ ਅਜਿਹੇ ਅਪਰਾਧ ਕਰਨ ਵਾਲਿਆਂ ਦੇ ਹੌਂਸਲੇ ਵੱਧ ਗਏ ਹਨ ਪੰਜਾਬ ਵਿੱਚ ਅਮਨ ਕਾਨੂੰਨ ਦੀ ਸਥਿਤੀ ਲਗਾਤਾਰ ਚਿੰਤਾਜਨਕ ਬਣਦੀ ਜਾ ਰਹੀ ਹੈ ਲੋਕ ਆਪਣੇ ਆਪ ਨੂੰ ਅਸੁਰਖਿਅਤ ਮਹਿਸੂਸ ਕਰ ਰਹੇ ਹਨ ਅਤੇ ਪੰਜਾਬ ਵਿੱਚ ਜੰਗਲ ਰਾਜ ਵਰਗੇ ਹਾਲਾਤ ਬਣੇ ਹੋਏ ਹਨ ਇਸ ਮੌਕੇ ਜਨਰਲ ਸਕੱਤਰ ਬਲਵਿੰਦਰ ਸਿੰਘ ਰਿਫੀ, ਪ੍ਰਿੰਸ ਅਤੇ ਮਨਜੀਤ ਜੌੜਾ ਫਾਟਕ, ਹਰਪਾਲ ਸਿੰਘ, ਅਮਨਦੀਪ ਸਿੰਘ ਵਿਰਦੀ, ਸਾਹਿਬ ਸਿੰਘ, ਗੋਲਡੀ ਅਤੇ ਹੋਰ ਹਾਜ਼ਰ ਸਨ।

# ਮਾਤਾ ਗੁਰਜੀਤ ਕੌਰ ਦੀ ਅੰਤਿਮ ਅਰਦਾਸ ਵਿਚ ਭਾਰੀ ਸਖਸ਼ੀਅਤਾਂ ਨੇ ਭਰੀ ਹਾਜ਼ਰੀ





ਫ਼ਿਰੋਜ਼ਪੁਰ, 14 ਅਕਤੂਬਰ (ਮਨੋਹਰ ਲਾਲ):— ਏਕ ਨੂਰ ਖਾਲਸਾ ਫੌਜ ਦੇ ਸਤਿਕਾਰਯੋਗ ਮਾਤਾ ਗੁਰਜੀਤ ਕੌਰ ਦੀ ਅੰਤਿਮ ਅਰਦਾਸ ਤੇ ਪਾਠ ਦਾ ਭੋਗ ਪਾਇਆ ਗਿਆ। ਇਸ ਮੌਕੇ ਤੇ ਭਾਰੀ ਗਿਣਤੀ ਵਿੱਚ ਸੰਗਤਾਂ ਧਾਰਮਿਕ ਆਗੂ ਅਤੇ ਰਾਜਨੀਤਿਕ ਪਾਰਟੀਆਂ ਦੇ ਆਗੂ ਹਾਜ਼ਰ ਹੋਏ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਭੋਗ ਉਪਰੰਤ ਸੋਗਮਈ ਕੀਰਤਨ ਕਰਵਾਇਆ ਗਿਆ ਅਤੇ ਕਥਾ ਵੀ ਕੀਤੀ ਗਈ। ਇਸ ਮੌਕੇ ਵੱਖ—ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂ, ਧਾਰਮਿਕ ਆਗੂ, ਰਿਸ਼ਤੇਦਾਰ, ਸਾਗ ਸੰਬੰਧੀ, ਪਾਰਟੀਆਂ ਦੇ ਆਗੂ ਹਾਜ਼ਰ ਹੋਏ। ਇਸ ਮੌਕੇ ਤੇ ਵੱਖ—ਵੱਖ ਆਗੂਆਂ ਨੇ ਸਤਿਕਾਰਯੋਗ ਮਾਤਾ ਸਰਦਾਰਨੀ ਗੁਰਜੀਤ ਕੌਰ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਦਿਆਂ ਕਿਹਾ ਕਿ ਮਾਤਾ ਗੁਰਜੀਤ ਕੌਰ ਧਾਰਮਿਕ ਖਿਆਲਾਂ ਦੇ ਸਨ ਅਤੇ ਰੱਬੀ ਰੂਹ ਸਨ ਉਨ੍ਹਾਂ ਦੇ ਅਕਾਲ ਚਲਾਣੇ ਕਰ ਜਾਣ ਨਾਲ ਪਰਿਵਾਰ ਨੂੰ ਬਹੁਤ ਘਾਟਾ ਪਿਆ ਹੈ ਅਸੀਂ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕਰਦੇ ਹਾਂ ਕਿ ਹੇ ਵਾਹਿਗੁਰੂ ਸੱਚੇ ਪਾਤਸ਼ਾਹ ਜੀ ਮਾਤਾ ਗੁਰਜੀਤ ਕੌਰ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਪਿੱਛੇ ਪਰਿਵਾਰ ਰਿਸ਼ਤੇਦਾਰੀਆਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਇਸ ਮੌਕੇ ਡਾ: ਗੁਰਚਰਨ ਸਿੰਘ, ਆਮ ਆਦਮੀ ਪਾਰਟੀ ਤੋਂ ਸਾਬਕਾ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਤੋਂ ਚੰਦ ਸਿੰਘ, ਗੁਰਪ੍ਰੀਤ ਸਿੰਘ ਸੇਖੋਂ, ਮਾਰਕੀਟ ਕਮੇਟੀ ਮੱਲਾਂਵਾਲਾ ਸੁਖਦੇਵ ਸਿੰਘ, ਕੌਮ ਦਾ ਪੰਥਕ ਢਾਡੀ ਜਥਾ ਗੁਰਭਾਗ ਸਿੰਘ ਮਰਾੜ, ਏਕਨੂਰ ਖਾਲਸਾ ਫੌਜ ਦੇ ਆਗੂ ਸਾਹਿਬਾਨ ਜ਼ਿਲ੍ਹਾ ਪ੍ਰਧਾਨ ਹਿੰਮਤ ਸਿੰਘ, ਅਵਤਾਰ ਸਿੰਘ ਲੋਹਗੜ੍ਹ, ਮਹਿੰਦਰ ਸਿੰਘ ਲਹਿਰਾ ਸਾਬਕਾ ਚੇਅਰਮੈਨ, ਬੀ.ਕੇ.ਯੂ ਕ੍ਰਾਂਤੀਕਾਰੀ ਦੇ ਪ੍ਰਧਾਨ ਸੁਖਵਿੰਦਰ ਸਿੰਘ, ਮਿਸਲ ਸਤਲੁਜ ਦੇ ਦਵਿੰਦਰ ਸਿੰਘ, ਵਿਧਾਇਕ ਨਰੇਸ਼ ਕਟਾਰੀਆ ਦੇ ਸਪੁੱਤਰ ਸ਼ੰਕਰ ਕਟਾਰੀਆ, ਨਛੱਤਰ ਸਿੰਘ ਗਿੱਲ ਚੇਅਰਮੈਨ ਮਾਰਕੀਟ ਕਮੇਟੀ ਮਖੂ, ਚੇਅਰਮੈਨ ਪੰਜਾਬ ਸਵਿੰਦਰ ਸਿੰਘ ਖਿੰਡਾ, ਮਨੋਹਰ ਲਾਲ ਪੱਤਰਕਾਰ ਫ਼ਿਰੋਜ਼ਪੁਰ ਨੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਦੀ ਕਾਮਨਾ ਕੀਤੀ।

# ਭਗਵੰਤ ਮਾਨ ਦੀ ਮਾੜੀ ਕਾਰਗੁਜ਼ਾਰੀ ਕਾਰਨ ਮੁੱਖ ਮੰਤਰੀ ਅਸਤੀਫ਼ਾ ਦੇਣ—ਜਸਨੂਰ ਸਿੰਘ ਬਰਾੜ



ਫ਼ਿਰੋਜ਼ਪੁਰ, 14 ਅਕਤੂਬਰ (ਮਨੋਹਰ ਲਾਲ):— ਪੰਜਾਬ ਵਿੱਚ ਨਸ਼ਿਆਂ, ਗੈਂਗਸਟਰਵਾਦ, ਬੇਰੁਜ਼ਗਾਰੀ ਅਤੇ ਨੌਜਵਾਨਾਂ ਦੇ ਭਵਿੱਖ ਨੂੰ ਲੈ ਕੇ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਉਠਾਉਂਦਿਆਂ ਮਿਸਲ ਸਤਲੁਜ ਦੀ ਵਿਦਿਆਰਥੀ ਜਥੇਬੰਦੀ ਸਤਲੁਜ ਸਟੂਡੈਂਟਸ ਆਰਗੇਨਾਈਜ਼ੇਸ਼ਨ ਦੇ ਜਨਰਲ ਸਕੱਤਰ ਜਸਨੂਰ ਸਿੰਘ ਬਰਾੜ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੇ ਅਸਤੀਫ਼ੇ ਦੀ ਮੰਗ ਕੀਤੀ ਗਈ ਹੈ।

ਗੱਲਬਾਤ ਕਰਦਿਆਂ ਜਸਨੂਰ ਸਿੰਘ ਬਰਾੜ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਬਦਲਾਅ ਦੀ ਉਮੀਦ ਨਾਲ ਸੱਤਾ ਸੌਂਪੀ ਸੀ, ਪਰ ਅੱਜ ਪੰਜਾਬ ਦੀ ਜਵਾਨੀ ਨਸ਼ਿਆਂ, ਬੇਰੁਜ਼ਗਾਰੀ ਅਤੇ ਗੈਂਗਸਟਰਵਾਦ ਵਰਗੀਆਂ ਗੰਭੀਰ ਸਮੱਸਿਆਵਾਂ ਨਾਲ ਜੂਝ ਰਹੀ ਹੈ। ਨੌਜਵਾਨਾਂ ਨੂੰ ਰੁਜ਼ਗਾਰ ਅਤੇ ਸੁਰੱਖਿਅਤ ਭਵਿੱਖ ਦੇਣ ਦੀ ਬਜਾਏ ਸਰਕਾਰ ਦੀ ਕਾਰਗੁਜ਼ਾਰੀ ਲੋਕਾਂ ਦੇ ਗੰਭੀਰ ਸਵਾਲਾਂ ਦੇ ਘੇਰੇ ਵਿੱਚ ਹੈ। ਉਨ੍ਹਾਂ ਕਿਹਾ ਕਿ ਪੰਜਾਬ ਕੋਈ ਸਿਆਸੀ ਪਾਰਟੀ ਦੀ ਨਿੱਜੀ ਜਗੀਰ ਨਹੀਂ ਹੈ, ਪੰਜਾਬ ਦੇ ਹੱਕਾਂ, ਸਰੋਤਾਂ ਅਤੇ ਨੌਜਵਾਨੀ ਦੇ ਭਵਿੱਖ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਦੋਸ਼ ਲਾਇਆ ਕਿ ਦਿੱਲੀ ਦੇ ਸਿਆਸੀ ਹਿੱਤਾਂ ਨੂੰ ਤਰਜੀਹ ਦੇਣ ਕਾਰਨ ਪੰਜਾਬ ਦੇ ਅਹਿਮ ਮਸਲੇ ਅਣਗੌਲੇ ਹੋ ਰਹੇ ਹਨ ਅਤੇ ਪੰਜਾਬ ਦੀ ਜਵਾਨੀ ਦਾ ਭਵਿੱਖ ਕਿਸੇ ਵੀ ਸਿਆਸੀ ਆਗੂ ਦੀ ਕੁਰਸੀ ਤੋਂ ਵੱਡਾ ਹੈ। ਬੋਲਦਿਆਂ ਜਸਨੂਰ ਸਿੰਘ ਬਰਾੜ ਨੇ ਮੰਗ ਕੀਤੀ ਕਿ ਮੁੱਖ ਮੰਤਰੀ ਭਗਵੰਤ ਮਾਨ ਆਪਣੀ ਸਰਕਾਰ ਦੀ ਕਾਰਗੁਜ਼ਾਰੀ ਦੀ ਨੈਤਿਕ ਜ਼ਿੰਮੇਵਾਰੀ ਲੈਂਦਿਆਂ ਤੁਰੰਤ ਅਸਤੀਫ਼ਾ ਦੇਣ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਵਾਨੀ ਦੇ ਹੱਕਾਂ ਲਈ ਆਵਾਜ਼ ਬੁਲੰਦ ਕਰਨਾ ਅਤੇ ਸਰਕਾਰ ਨੂੰ ਜਵਾਬਦੇਹ ਬਣਾਉਣਾ ਜਥੇਬੰਦੀ ਦੀ ਪਹਿਲ ਰਹੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




**ਪਰਵਿੰਦਰ ਸਿੰਘ ਝੋਟਾ ਕਤਲ ਦੇ ਰੋਸ ਵਜੋਂ ਪੰਜਾਬ ਬੰਦ ਦਾ ਸਮਰਥਨ ਕਰਦਿਆਂ**

# ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ 15 ਅਕਤੂਬਰ ਨੂੰ ਰਹੇਗਾ ਬੰਦ

## -ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਦੇ ਮਾਮਲੇ 'ਚ ਜਿਹੜੇ ਆਪ ਵਿਧਾਇਕਾਂ ਤੇ ਆਗੂਆਂ ਨੂੰ 15 ਅਕਤੂਬਰ ਨੂੰ ਪੇਸ਼ ਹੋਣ ਲਈ ਸੱਦਿਆ, ਉਹ ਹੁਣ 16 ਅਕਤੂਬਰ ਨੂੰ ਆਉਣਗੇ

**ਸ੍ਰੀ ਅੰਮ੍ਰਿਤਸਰ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਾਇਲ ਲੁਧਿਆਣਾ ਤੋਂ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਦੇ ਮਾਮਲੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਆਮ ਆਦਮੀ ਪਾਰਟੀ ਨਾਲ ਸਬੰਧਤ ਕੁਝ ਵਿਧਾਇਕਾਂ ਅਤੇ ਆਗੂਆਂ ਨੂੰ 15 ਅਕਤੂਬਰ ਨੂੰ ਦੁਪਹਿਰ 12 ਵਜੇ ਸਕੱਤਰੇਤ ਸ੍ਰੀ ਅਕਾਲ

ਆਵਾਜ਼ਿ ਕੌਮ AWAZE QAUM International Newspaper & WEB TV

ਤਖ਼ਤ ਸਾਹਿਬ ਵਿਖੇ ਨਿੱਜੀ ਰੂਪ ਵਿੱਚ ਪੇਸ਼ ਹੋ ਕੇ ਆਪਣਾ ਸਪੱਸ਼ਟੀਕਰਨ ਦੇਣ ਲਈ ਸੱਦਿਆਗਿਆ ਸੀ। ਬੀਤੇ ਕੱਲ੍ਹ ਨਸ਼ਿਆਂ ਵਿਰੁੱਧ ਅਵਾਜ਼ ਉਠਾਉਣ ਵਾਲੇ ਮਾਨਸਾ ਦੇ ਸ. ਪਰਵਿੰਦਰ ਸਿੰਘ ਦੇ ਕਤਲ ਦੇ ਰੋਸ ਵਜੋਂ ਉਨ੍ਹਾਂ ਦੇ ਪਰਿਵਾਰ ਵੱਲੋਂ 15 ਅਕਤੂਬਰ 2026 ਨੂੰ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਹੈ। ਇਸ ਦੇ ਮੱਦੇਨਜ਼ਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਹੋਏ ਆਦੇਸ਼ ਅਨੁਸਾਰ 15 ਅਕਤੂਬਰ ਨੂੰ ਸੱਦੇ ਗਏ ਵਿਧਾਇਕਾਂ ਨੂੰ ਹੁਣ 16 ਅਕਤੂਬਰ ਸਵੇਰੇ 11.00 ਵਜੇ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਿੱਜੀ ਰੂਪ ਵਿਚ ਪੇਸ਼ ਹੋਣ ਲਈ ਪੱਤਰ ਜਾਰੀ ਕੀਤੇ ਗਏ ਹਨ।

ਸਕੱਤਰੇਤ ਇੰਚਾਰਜ ਸ. ਬਗੀਚਾ ਸਿੰਘ ਨੇ ਕਿਹਾ ਕਿ 15 ਅਕਤੂਬਰ ਨੂੰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਘੋਖ ਕਮੇਟੀ ਦੀ ਇਕੱਤਰਤਾ ਵੀ ਰੱਖੀ ਗਈ ਸੀ, ਜਿਸ ਤਹਿਤ ਵੱਖ-ਵੱਖ ਮਾਮਲਿਆਂ ਨਾਲ ਸਬੰਧਤ ਧਿਰਾਂ ਨੂੰ ਸੱਦਿਆ ਗਿਆ ਸੀ ਪਰੰਤੂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਆਦੇਸ਼ ਅਨੁਸਾਰ ਪੰਜਾਬ ਬੰਦ ਦੇ ਸੱਦੇ ਦਾ ਸਮਰਥਨ ਕਰਦਿਆਂ ਇਹ ਇਕੱਤਰਤਾ ਫਿਲਹਾਲ ਮੁਲਤਵੀ ਕਰ ਦਿੱਤੀ ਗਈ ਹੈ ਅਤੇ ਇਸ ਸਬੰਧੀ ਅਗਲੀ ਤਾਰੀਖ ਸਬੰਧਤ ਧਿਰਾਂ ਨੂੰ ਦੱਸੀ ਜਾਵੇਗੀ।



ਸਕੱਤਰੇਤ
**ਸ੍ਰੀ ਅਕਾਲ ਤਖ਼ਤ ਸਾਹਿਬ**
ਸ੍ਰੀ ਅੰਮ੍ਰਿਤਸਰ ਸਾਹਿਬ
Secretariat
**Sri Akal Takhat Sahib, Sri Amritsar Sahib**

ਨੰਬਰ ਅ:ਤ/੨੬/੪੩੩ ਮਿਤੀ ੧੪-੧੦-੨੦੨੬

ਸ. ਗੁਰਦੀਪ ਸਿੰਘ (ਵਿਧਾਇਕ ਡੇਰਾ ਬਾਬਾ ਨਾਨਕ)
ਬੀਬੀ ਬਲਜਿੰਦਰ ਕੌਰ (ਵਿਧਾਇਕ ਤਲਵੰਡੀ ਸਾਬੋ)
ਸ. ਕੁਲਦੀਪ ਸਿੰਘ (ਵਿਧਾਇਕ ਅਜਨਾਲਾ)
ਸ. ਸਰਵਣ ਸਿੰਘ (ਵਿਧਾਇਕ ਖੇਮਕਰਨ)
ਬੀਬੀ ਜੀਵਨਜੋਤ ਕੌਰ (ਵਿਧਾਇਕ ਅੰਮ੍ਰਿਤਸਰ ਪੂਰਬੀ)
ਬੀਬੀ ਸੋਨੀਆ ਕੌਰ (ਰਾਜਾਸਾਂਸੀ)
ਸ. ਗੁਰਇਕਬਾਲ ਸਿੰਘ (ਕਾਦੀਆਂ)
ਸ. ਮਨਜਿੰਦਰ ਸਿੰਘ (ਵਿਧਾਇਕ ਖਡੂਰ ਸਾਹਿਬ)
ਸ. ਜੋਬਨ ਸਿੰਘ (ਫਤਹਿਗੜ੍ਹ ਚੂੜੀਆਂ)
ਸ. ਜਸਵੀਰ ਸਿੰਘ (ਵਿਧਾਇਕ ਉੜਮੁੜ)
ਸ. ਕਰਮਬੀਰ ਸਿੰਘ (ਵਿਧਾਇਕ ਦਸੂਹਾ)
ਸ. ਕੁਲਵੰਤ ਸਿੰਘ (ਵਿਧਾਇਕ ਮਹਿਲ ਕਲਾਂ)
ਸ. ਇੰਦਰਬੀਰ ਸਿੰਘ (ਵਿਧਾਇਕ ਅੰਮ੍ਰਿਤਸਰ ਦੱਖਣੀ)
ਸ. ਦਲਬੀਰ ਸਿੰਘ (ਵਿਧਾਇਕ ਬਾਬਾ ਬਕਾਲਾ)
ਸ. ਹਰਮੀਤ ਸਿੰਘ (ਵਿਧਾਇਕ ਤਰਨ ਤਾਰਨ)

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

ਸਤਿਕਾਰਯੋਗ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਵੱਲੋਂ ਹੋਏ ਆਦੇਸ਼ ਅਨੁਸਾਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪੱਤ੍ਰਿਕਾ ਨੰਬਰ ਅ:ਤ/੨੬/੪੨੮ ਮਿਤੀ ੧੨-੧੦-੨੦੨੬ ਰਾਹੀਂ ਆਪ ਨੂੰ ਪਾਇਲ (ਲੁਧਿਆਣਾ) ਤੋਂ ਵਿਧਾਇਕ ਸ. ਮਨਵਿੰਦਰ ਸਿੰਘ ਗਿਆਸਪੁਰਾ ਦੇ ਮਾਮਲੇ ਸਬੰਧੀ ਮਿਤੀ ੧੫-੧੦-੨੦੨੬ ਨੂੰ ਦੁਪਹਿਰ ੧੨.੦੦ ਵਜੇ ਦਫ਼ਤਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਿੱਜੀ ਰੂਪ ਵਿਚ ਪਹੁੰਚ ਕੇ ਆਪਣਾ ਸਪੱਸ਼ਟੀਕਰਨ ਦੇਣ ਲਈ ਆਦੇਸ਼ ਹੋਇਆ ਸੀ। ਪਿਛਲੇ ਦਿਨੀਂ ਨਸ਼ਿਆਂ ਵਿਰੁੱਧ ਅਵਾਜ਼ ਉਠਾਉਣ ਵਾਲੇ ਮਾਨਸਾ ਦੇ ਸ. ਪਰਵਿੰਦਰ ਸਿੰਘ ਦੇ ਕਤਲ ਦੇ ਰੋਸ ਵਜੋਂ ਉਨ੍ਹਾਂ ਦੇ ਪਰਿਵਾਰ ਵੱਲੋਂ ਮਿਤੀ ੧੫-੧੦-੨੦੨੬ ਨੂੰ ਪੰਜਾਬ ਬੰਦ ਦਾ ਸੱਦਾ ਦਿੱਤਾ ਹੈ। ਜਿਸ ਦੇ ਮੱਦੇਨਜ਼ਰ ਸਤਿਕਾਰਯੋਗ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਵੱਲੋਂ ਹੋਏ ਆਦੇਸ਼ ਅਨੁਸਾਰ ਲਿਖਿਆ ਜਾਂਦਾ ਹੈ ਕਿ ਆਪ ਨੇ ਉਕਤ ਮਾਮਲੇ ਵਿੱਚ ਮਿਤੀ ੧੬-੧੦-੨੦੨੬ ਨੂੰ ਸਵੇਰੇ ੧੧.੦੦ ਵਜੇ ਦਫ਼ਤਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਿੱਜੀ ਰੂਪ ਵਿਚ ਪਹੁੰਚ ਕੇ ਆਪਣਾ ਸਪੱਸ਼ਟੀਕਰਨ ਦੇਣਾ ਹੈ।

ਧੰਨਵਾਦ ਸਹਿਤ,

(ਬਗੀਚਾ ਸਿੰਘ)
ਇੰਚਾਰਜ,
ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

Phone/Fax : 0183-2540820 | E-Mail : info@sriakaltakhatsahibji.net

ਆਵਾਜ਼ਿ ਕੌਮ AWAZE QAUM

### ਪਰਵਿੰਦਰ ਸਿੰਘ ਦੇ ਕਤਲ ਵਿਰੁੱਧ

# 15 ਅਕਤੂਬਰ ਦੇ ਪੰਜਾਬ ਬੰਦ ਦਾ ਸ਼੍ਰੋਮਣੀ ਕਮੇਟੀ ਵੱਲੋਂ ਸਮਰਥਨ



**ਅੰਮ੍ਰਿਤਸਰ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਨਸ਼ੇ ਵੇਚਣ ਵਾਲਿਆਂ ਦਾ ਵਿਰੋਧ ਕਰਨ ਵਾਲੇ ਸਿੱਖ ਸ. ਪਰਵਿੰਦਰ ਸਿੰਘ ਦੇ ਬੀਤੇ ਕੱਲ੍ਹ ਹੋਏ ਕਤਲ ਦੇ ਵਿਰੋਧ ਵਿਚ 15 ਅਕਤੂਬਰ ਨੂੰ ਦਿਤੇ ਗਏ ਪੰਜਾਬ ਬੰਦ ਦੇ ਸੱਦੇ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਮਰਥਨ ਕਰਨ ਦਾ ਐਲਾਨ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਲਈ ਸੰਘਰਸ਼ ਕਰ ਰਹੇ ਲੋਕਾਂ ਨਾਲ ਸ਼੍ਰੋਮਣੀ ਕਮੇਟੀ ਡੱਟ ਕੇ ਖੜ੍ਹੀ ਹੈ ਅਤੇ ਸ. ਪਰਵਿੰਦਰ ਸਿੰਘ ਦੇ ਪਰਿਵਾਰ ਲਈ ਹਰ ਸੰਭਵ ਸਹਿਯੋਗ ਦੇਣ ਲਈ ਵੀ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਸ ਸਿੱਖ ਨੌਜਵਾਨ ਦੇ ਬੇਰਿਹਮੀ ਨਾਲ ਕੀਤੇ ਗਏ ਕਤਲ ਦੇ ਵਿਰੋਧ ਵਜੋਂ ਭਲਕੇ 15 ਅਕਤੂਬਰ ਨੂੰ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਅਤੇ ਸਮੁੱਚੇ ਅਦਾਰੇ ਬੰਦ ਰੱਖੇ ਜਾਣਗੇ। ਉਨ੍ਹਾਂ ਕਿਹਾ ਕਿ ਪੰਜਾਬ ਨਸ਼ਿਆਂ ਦੀ ਗੰਭੀਰ ਸਮੱਸਿਆ ਨਾਲ ਜੂਝ ਰਿਹਾ ਹੈ। ਰੋਜ਼ਾਨਾ ਸੈਂਕੜੇ ਨੌਜੁਆਨ ਇਸ ਦਾ ਸ਼ਿਕਾਰ ਹੋ ਰਹੇ ਹਨ ਅਤੇ ਅਨੇਕਾਂ ਘਰ ਉਜੜ ਰਹੇ ਹਨ। ਉਨ੍ਹਾਂ ਕਿਹਾ ਕਿ ਮੀਰੀ ਪੀਰੀ ਖਾਲਸਾ ਮਾਰਚ ਦੌਰਾਨ ਸੰਗਤਾਂ ਨਾਲ ਸੰਵਦ ਸਮੇਂ ਵੱਖ-ਵੱਖ ਪਿੰਡਾਂ ਵਿਚ ਨਸ਼ਿਆਂ ਦੀ ਸ਼ਰੇਆਮ ਵਿਕਰੀ ਸਬੰਧੀ ਸਾਹਮਣੇ ਆਈਆਂ ਗੱਲਾਂ ਨੇ ਸਰਕਾਰ ਦੇ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਦਾਅਵਿਆਂ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਸਨ। ਉਨ੍ਹਾਂ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਨੂੰ ਹੀ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਨਸ਼ਿਆਂ ਦੇ ਕਾਰੋਬਾਰ ਵਿਰੁੱਧ ਸੰਘਰਸ਼ ਕਰਨ ਵਾਲਿਆਂ ਦੀ ਸੁਰੱਖਿਆ ਯਕੀਨੀ ਬਣਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ ਅਤੇ ਨਸ਼ਿਆਂ ਦੇ ਖ਼ਾਤਮੇ ਲਈ ਸਿਰਫ਼ ਐਲਾਨ ਕਰਨ ਦੀ ਬਜਾਏ ਠੋਸ ਅਤੇ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

**ਸ਼੍ਰੋਮਣੀ ਕਮੇਟੀ ਦੇ ਦਫ਼ਤਰ ਤੇ ਸਾਰੇ ਅਦਾਰੇ ਰਹਿਣਗੇ ਬੰਦ- ਐਡਵੋਕੇਟ ਧਾਮੀ**

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਵਿਰੁੱਧ ਇਕਜੁਟ ਹੋ ਕੇ ਅਵਾਜ਼ ਬੁਲੰਦ ਕਰਨ ਅਤੇ ਪੰਜਾਬ ਦੀ ਨੌਜੁਆਨ ਪੀੜ੍ਹੀ ਦੇ ਭਵਿੱਖ ਦੀ ਰਾਖੀ ਲਈ ਆਪਣੀ ਜ਼ੁੰਮੇਵਾਰੀ ਨਿਭਾਉਣ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਭਗਵੰਤ ਸਿੰਘ ਧੰਗੇੜਾ, ਸ. ਪ੍ਰੀਤਪਾਲ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਮਨਜੀਤ ਸਿੰਘ ਤਲਵੰਡੀ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸ. ਗੁਰਮੀਤ ਸਿੰਘ ਮੁਕਤਸਰੀ, ਸ. ਅਜ਼ਾਦ ਦੀਪ ਸਿੰਘ, ਸ. ਸਤਨਾਮ ਸਿੰਘ ਰਿਆੜ, ਸੁਪ੍ਰੰਟੈਂਡੈਂਟ ਸ. ਨਿਸ਼ਾਨ ਸਿੰਘ ਤੇ ਹੋਰ ਮੌਜੂਦ ਸਨ।

### ਵੀਵੀਆਈ ਡਿਊਟੀ ਵਾਲਾ ਪੁਲਿਸ ਮੁਲਾਜ਼ਮ ਹੀ ਨਿਕਲਿਆ 15 ਕਿਲੋ ਹੈਰੋਇਨ ਦਾ ਤਸਕਰ

# 'ਯੁੱਧ ਨਸ਼ਿਆਂ ਵਿਰੁੱਧ' ਦੀ ਪੋਲ ਖੁੱਲੀ




**ਤਰਨ ਤਾਰਨ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨ ਬੀਐਸਐਫ ਨੇ ਸਰਹੱਦੀ ਇਲਾਕੇ 'ਚ ਲਾਏ ਇੱਕ ਚੈੱਕ ਪੁਆਇੰਟ ਤੇ ਇੱਕ ਸਵਿਫਟ ਕਾਰ ਨੂੰ ਰੋਕਿਆ। ਤਲਾਸ਼ੀ ਲੈਣ 'ਤੇ ਕਾਰ 'ਚੋਂ 15 ਕਿਲੋਗ੍ਰਾਮ ਹੈਰੋਇਨ ਬਰਾਮਦ ਹੋਈ, ਜਿਸ ਦੀ ਅੰਤਰ-ਰਾਸ਼ਟਰੀ ਬਾਜ਼ਾਰ 'ਚ ਕੀਮਤ ਕਰੋੜਾਂ 'ਚ ਦੱਸੀ ਜਾਂਦੀ ਹੈ। ਕਾਰ ਚਲਾ ਰਿਹਾ ਵਿਅਕਤੀ ਕੋਈ ਆਮ ਤਸਕਰ ਨਹੀਂ, ਸਗੋਂ ਪੰਜਾਬ ਪੁਲਿਸ ਦਾ ਜਵਾਨ ਕਰਨਵੀਰ ਸਿੰਘ ਉਰਫ਼ ਕਰਨਬੀਰ ਸਿੰਘ ਪੁੱਤਰ ਰਣਜੀਤ ਸਿੰਘ, ਵਾਸੀ ਪਿੰਡ ਭੂਸਾ ਨਿਕਲਿਆ।

ਖੁਲਾਸਾ : -

ਕਰਨਵੀਰ ਪਹਿਲਾਂ ਇਸੇ ਸਰਹੱਦੀ ਥਾਣੇ (ਸਰਾਏ ਅਮਾਨਤ ਖਾਂ) 'ਚ ਮੁਨਸ਼ੀ ਦੇ ਅਹੁਦੇ 'ਤੇ ਤਾਇਨਾਤ ਰਿਹਾ ਹੈ।

- ਇਸ ਵੇਲੇ ਉਸਦੀ ਡਿਊਟੀ ਵੀਵੀਆਈਪੀ ਨਾਲ ਚੱਲਣ ਵਾਲੀ ਜੈਮਰ ਵਾਲੀ ਗੱਡੀ 'ਤੇ ਲੱਗੀ ਹੋਈ ਸੀ।

- ਇਸੇ ਵੀਵੀਆਈਪੀ ਡਿਊਟੀ ਅਤੇ ਸਰਹੱਦੀ ਇਲਾਕੇ ਦੀ ਜਾਣ-ਪਛਾਣ ਦਾ ਫਾਇਦਾ ਉਠਾ ਕੇ ਉਹ ਬੇਖੌਫ਼ ਨਸ਼ਾ ਤਸਕਰੀ ਕਰ ਰਿਹਾ ਸੀ।

ਬੀਐਸਐਫ ਦੀ ਸੂਚਨਾ 'ਤੇ ਥਾਣਾ ਸਰਾਏ ਅਮਾਨਤ ਖਾਂ ਦੀ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਉਸਨੂੰ ਹਿਰਾਸਤ 'ਚ ਲੈ ਲਿਆ। NDPS ਐਕਟ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ।

ਇਹ ਘਟਨਾ ਸਾਫ ਤੌਰ 'ਤੇ ਦਰਸਾਉਂਦੀ ਹੈ ਕਿ ਜੇਕਰ ਪੁਲਿਸ ਵਿਭਾਗ ਦੇ ਅੰਦਰਲੇ ਲੋਕ ਹੀ ਤਸਕਰੀ 'ਚ ਸ਼ਾਮਲ ਹੋਣਗੇ ਤਾਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸਿਰਫ ਇਸ਼ਿਤਹਾਰਾਂ ਤੱਕ ਹੀ ਸੀਮਤ ਰਹੇਗੀ।

ਹੁਣ ਦੇਖਣਾ ਹੋਵੇਗਾ ਕਿ ਜਾਂਚ ਏਜੰਸੀਆਂ ਇਸ ਨੈੱਟਵਰਕ ਦੀ ਜੜ੍ਹ ਤੱਕ ਜਾਂਦੀਆਂ ਹਨ ਜਾਂ ਇਸ ਮਾਮਲੇ ਨੂੰ ਵੀ ਦਬਾ ਦਿੱਤਾ ਜਾਵੇਗਾ। ਜੇ ਸਰਕਾਰ ਚਾਹੇ ਤਾਂ ਇਸ ਗ੍ਰਿਫਤਾਰੀ ਨਾਲ ਕਈ ਵੱਡੇ ਖੁਲਾਸੇ ਹੋ ਸਕਦੇ ਹਨ।

# ਜ਼ਿਲ੍ਹਾ ਅੰਮ੍ਰਿਤਸਰ ਵਿੱਚ 36 ਨਵੇਂ ਆਮ ਆਦਮੀ ਕਲੀਨਿਕ ਲੋਕ ਅਰਪਣ



**ਚੌਕ ਮਹਿਤਾ 14 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ 36 ਨਵੇਂ ਆਮ ਆਦਮੀ ਕਲੀਨਿਕ ਲੋਕ ਅਰਪਣ ਕੀਤੇ ਗਏ। ਮਾਨਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ, ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਅਤੇ ਆਮ ਆਦਮੀ ਪਾਰਟੀ ਦੀ ਪੰਜਾਬ ਲੀਡਰਸ਼ਿਪ ਵੱਲੋਂ ਹੁਸ਼ਿਆਰਪੁਰ ਵਿਖੇ ਕਰਵਾਏ ਗਏ ਰਾਜ ਪੱਧਰੀ ਸਮਾਗਮ ਦੌਰਾਨ ਪੰਜਾਬ ਵਿੱਚ 154 ਨਵੇਂ ਆਮ ਆਦਮੀ ਕਲੀਨਿਕਾਂ ਦਾ ਰਸਮੀ ਉਦਘਾਟਨ ਕੀਤਾ ਗਿਆ। ਇਸ ਉਪਰੰਤ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਵੱਖ-ਵੱਖ ਥਾਵਾਂ 'ਤੇ ਕੈਬਨਿਟ ਮੰਤਰੀ ਪੰਜਾਬ ਸ. ਹਰਭਜਨ ਸਿੰਘ ਈ.ਟੀ.ਓ., ਵਿਧਾਇਕ ਸ. ਕੁਲਦੀਪ ਸਿੰਘ ਧਾਲੀਵਾਲ, ਵਿਧਾਇਕਾ ਮੈਡਮ ਜੀਵਨਜੋਤ ਕੌਰ, ਵਿਧਾਇਕ ਸ. ਜਸਵਿੰਦਰ ਸਿੰਘ ਰਾਮਦਾਸ ਅਤੇ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਵੱਲੋਂ ਨਵੇਂ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ। ਇਨ੍ਹਾਂ ਵਿੱਚ ਮਾਨਾਂਵਾਲਾ ਵਿਖੇ 8, ਰਮਦਾਸ ਵਿਖੇ 12, ਤਰਸਿੱਕਾ ਵਿਖੇ 2, ਵੇਰਕਾ ਵਿਖੇ 5, ਲੋਪੋਕੇ ਵਿਖੇ 7, ਥਰੀਏਵਾਲ ਵਿਖੇ 1 ਅਤੇ ਬਾਬਾ ਬਕਾਲਾ ਵਿਖੇ 1 ਆਮ ਆਦਮੀ ਕਲੀਨਿਕ ਸ਼ਾਮਲ ਹਨ। ਇਸ ਮੌਕੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਕੈਬਨਿਟ ਮੰਤਰੀ ਪੰਜਾਬ ਸ. ਹਰਭਜਨ ਸਿੰਘ ਈ.ਟੀ.ਓ. ਅਤੇ ਸਿਵਲ ਸਰਜਨ ਅੰਮ੍ਰਿਤਸਰ ਡਾ. ਭਾਰਤੀ ਧਵਨ ਨੇ ਕਿਹਾ ਕਿ ਆਮ ਆਦਮੀ ਕਲੀਨਿਕ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਇਨ੍ਹਾਂ ਕਲੀਨਿਕਾਂ ਰਾਹੀਂ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਅਤੇ ਵੱਖ-ਵੱਖ ਤਰ੍ਹਾਂ ਦੇ ਡਾਇਗਨੌਸਟਿਕ ਟੈਸਟਾਂ ਦੀ ਸਹੂਲਤ ਦਿੱਤੀ ਜਾ ਰਹੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕਲੀਨਿਕਾਂ ਵਿੱਚ ਉਪਲਬਧ ਸਿਹਤ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ। ਉਨ੍ਹਾਂ ਕਿਹਾ ਕਿ ਇਨ੍ਹਾਂ ਕਲੀਨਿਕਾਂ ਦੇ ਵਿਸਥਾਰ ਨਾਲ ਵੱਡੇ ਹਸਪਤਾਲਾਂ 'ਤੇ ਮਰੀਜ਼ਾਂ ਦਾ ਬੋਝ ਘਟਾਉਣ ਅਤੇ ਲੋਕਾਂ ਨੂੰ ਸਮੇਂ ਸਿਰ ਇਲਾਜ ਮੁਹੱਈਆ ਕਰਵਾਉਣ ਵਿੱਚ ਮਦਦ ਮਿਲੇਗੀ। ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਰਸ਼ਮੀ ਵਿੱਜ, ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਨੀਲਮ ਭਗਤ, ਡੀ.ਡੀ.ਐਚ.ਓ. ਡਾ. ਜਗਨਜੋਤ ਕੌਰ, ਸਹਾਇਕ ਸਿਵਲ ਸਰਜਨ ਡਾ. ਸਤਨਾਮ ਸਿੰਘ, ਜ਼ਿਲ੍ਹਾ ਸਿਹਤ ਅਫ਼ਸਰ ਡਾ. ਮਨਜੀਤ ਸਿੰਘ ਰਟੌਲ, ਸੀਨੀਅਰ ਮੈਡੀਕਲ ਅਫ਼ਸਰ ਡਾ. ਜਸਪਾਲ ਸਿੰਘ, ਜ਼ਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਡੀ.ਪੀ.ਐਮ. ਸੁਖਜਿੰਦਰ ਸਿੰਘ, ਆਮ ਆਦਮੀ ਪਾਰਟੀ ਦੇ ਅਹੁਦੇਦਾਰ ਅਤੇ ਸਿਹਤ ਵਿਭਾਗ ਦਾ ਸਮੂਹ ਸਟਾਫ਼ ਹਾਜ਼ਰ ਸੀ।

# ਖੇਡਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਲਈ ਡਾ. ਵਰਿੰਦਰ ਸਿੰਘ ਚੰਡੀਗੜ੍ਹ ਪ੍ਰੈੱਸ ਕਲੱਬ ਵਿਖੇ ਸਨਮਾਨਿਤ



**ਜੰਡਿਆਲਾ ਗੁਰੂ, 14 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਹਲਕਾ ਜੰਡਿਆਲਾ ਗੁਰੂ, ਜ਼ਿਲ੍ਹਾ ਅੰਮ੍ਰਿਤਸਰ ਨਾਲ ਸਬੰਧਤ ਡਾ. ਵਰਿੰਦਰ ਸਿੰਘ ਨੂੰ ਖੇਡਾਂ ਦੇ ਖੇਤਰ ਵਿੱਚ ਮਾਣਮੱਤੀਆਂ ਪ੍ਰਾਪਤੀਆਂ ਲਈ ਅੱਜ ਚੰਡੀਗੜ੍ਹ ਪ੍ਰੈੱਸ ਕਲੱਬ ਵਿਖੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਉਨ੍ਹਾਂ ਵੱਲੋਂ ਅਥਲੈਟਿਕਸ ਵਿੱਚ ਕੀਤੇ ਸ਼ਾਨਦਾਰ ਪ੍ਰਦਰਸ਼ਨ ਅਤੇ ਲਗਾਤਾਰ ਮਿਹਨਤ ਸਦਕਾ ਪ੍ਰਾਪਤ ਕੀਤੀਆਂ ਸਫ਼ਲਤਾਵਾਂ ਲਈ ਦਿੱਤਾ ਗਿਆ ਡਾ. ਵਰਿੰਦਰ ਸਿੰਘ ਨੇ 800 ਮੀਟਰ, 3000 ਮੀਟਰ ਅਤੇ 5000 ਮੀਟਰ ਦੌੜਾਂ ਵਿੱਚ ਸੋਨੇ ਅਤੇ ਚਾਂਦੀ ਦੇ ਤਮਗੇ ਜਿੱਤ ਕੇ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਹੈ। ਇਸ ਤੋਂ ਇਲਾਵਾ, ਉਹ ਪਿਛਲੇ ਚਾਰ ਸਾਲਾਂ ਤੋਂ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਲਗਾਤਾਰ ਸੋਨੇ ਦੇ ਤਮਗੇ ਜਿੱਤ ਕੇ ਆਪਣੀ ਕਾਬਲੀਅਤ ਸਾਬਤ ਕਰ ਰਹੇ ਹਨ ।ਇਸ ਮੌਕੇ ਡਾਕਟਰ ਵਰਿੰਦਰ ਸਿੰਘ ਨੂੰ ਸਨਮਾਨਿਤ ਕਰਨ ਵਾਲਿਆਂ ਵਿੱਚ ਹਲਕਾ ਜਲਾਲਾਬਾਦ ਦੇ ਵਿਧਾਇਕ ਜਗਦੀਪ ਸਿੰਘ ਗੋਲਡੀ ਕੰਬੋਜ, ਗਲੋਬਲ ਕੰਬੋਜ ਐਜੂਕੇਸ਼ਨਲ ਐਂਡ ਵੈਲਫੇਅਰ ਆਰਗੇਨਾਈਜ਼ੇਸ਼ਨ ਦੇ ਪ੍ਰਧਾਨ ਭੁਪਿੰਦਰ ਸਿੰਘ ਤੋਟ, ਚੇਅਰਮੈਨ ਸੁਖਦੇਵ ਸਿੰਘ, ਮਰਿੰਦਰ ਪਾਲ ਸਿੰਘ ਪਲਾਸੋਰ ਅਤੇ ਹਰਬੀਰ ਸਿੰਘ ਕੰਬੋਜ ਆਦਿ ਸ਼ਾਮਲ ਸਨ ।ਡਾਕਟਰ ਵਰਿੰਦਰ ਸਿੰਘ ਦੀਆਂ ਇਹ ਪ੍ਰਾਪਤੀਆਂ ਨੌਜਵਾਨਾਂ ਲਈ ਪ੍ਰੇਰਣਾ ਸਰੋਤ ਹਨ। ਉਨ੍ਹਾਂ ਦੀ ਸਫ਼ਲਤਾ ਨਾਲ ਜੰਡਿਆਲਾ ਗੁਰੂ ਅਤੇ ਅੰਮ੍ਰਿਤਸਰ ਇਲਾਕੇ ਦਾ ਮਾਣ ਵਧਿਆ ਹੈ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
AWAZE QAUM International Newspaper & WEB TV

15 ਅਕਤੂਬਰ 1992 ਵਾਲੇ ਦਿਨ , ਪਿੰਡ ਕੰਗ ਅਰਾਈਆਂ ਜ਼ਿਲ੍ਹਾ ਜਲੰਧਰ ਵਿਖੇ ਇੱਕ ਝੂਠੇ ਪੁਲਿਸ ਮੁਕਾਬਲੇ ਵਿੱਚ

# ਜਥੇਦਾਰ ਤਲਵਿੰਦਰ ਸਿੰਘ ਬੱਬਰ ਨੂੰ ਸ਼ਹੀਦ ਕਰ ਦਿੱਤਾ ਗਿਆ

26 ਫਰਵਰੀ, 1944 ਨੂੰ ਜਥੇਦਾਰ ਤਲਵਿੰਦਰ ਸਿੰਘ ਦਾ ਜਨਮ ਪਿੰਡ ਪਾਸ਼ਟਾਂ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ ਵਿਖੇ ਹੋਇਆ ਸੀ। ਪਿੰਡ ਦੇ ਸਕੂਲ ਤੋਂ ਦਸਵੀਂ ਪਾਸ ਕੀਤੀ ਅਤੇ ਆਪਣੀ ਜ਼ਮੀਨ ਦੀ ਖੇਤੀ ਕਰਨੀ ਸ਼ੁਰੂ ਕਰ ਦਿੱਤੀ।ਸਾਲ 1970 ਦੇ ਦੌਰਾਨ ਆਪ ਕੈਨੇਡਾ ਚਲੇ ਗਏ।

13 ਅਪ੍ਰੈਲ 1982 ਵਾਲੇ ਦਿਨ ਸਿੰਘਾਂ ਦੀ ਜੁਝਾਰੂ ਜਥੇਬੰਦੀ "ਬੱਬਰ ਖਾਲਸਾ ਇੰਟਰਨੈਸ਼ਨਲ" ਮੁਕੰਮਲ

ਆਵਾਜ਼ਿ ਕੌਮ AWAZE QAUM
International Newspaper & WEB TV

ਤੌਰ ਉਪਰ ਹੋਂਦ ਵਿਚ ਆ ਗਈ।ਭਾਈ ਸੁਖਦੇਵ ਸਿੰਘ ਬੱਬਰ ਹੁਣਾਂ ਨੂੰ ਬੱਬਰ ਖਾਲਸਾ ਇੰਟਰਨੈਸ਼ਨਲ ਜਥੇਬੰਦੀ ਦਾ ਜਥੇਦਾਰ ਥਾਪਿਆ ਗਿਆ ਅਤੇ ਭਾਈ ਤਲਵਿੰਦਰ ਸਿੰਘ ਬੱਬਰ ਹੁਣਾਂ ਨੂੰ ਕੌਮਾਂਤਰੀ ਇੰਚਾਰਜ ਬਣਾਇਆ ਗਿਆ,ਉਨ੍ਹਾਂ ਦਾ ਜ਼ਿਮਾਂ, ਬੈਲਜੀਅਮ, ਜਰਮਨੀ, ਫਰਾਂਸ,ਕਨੇਡਾ, ਇੰਗਲੈਂਡ, ਹਾਲੈਂਡ ਆਦਿ ਦੇਸ਼ਾ ਵਿਚ ਜਥੇਬੰਦੀ ਨੂੰ ਜਥੇਬੰਦਕ ਪੈਮਾਨੇ ਉਪਰ ਮਜਬੂਤ ਅਤੇ ਸਰਗਰਮ ਕਰਨਾ ਸੀ। ਬੱਬਰ ਖਾਲਸਾ ਇੰਟਰਨੈਸ਼ਨਲ ਦੇ ਜਥੇਬੰਦਕ ਢਾਂਚੇ ਨੂੰ ਸੁਚਾਰੂ ਰੂਪ ਵਿੱਚ ਚਲਾਉਣ ਦੇ ਲਈ ਬੱਬਰ ਸੁਖਦੇਵ ਸਿੰਘ ਨੇ ,ਜਥੇਬੰਦੀ ਦੇ ਪ੍ਰਬੰਧਕੀ ਢਾਂਚੇ ਨੂੰ ਮਾਲਵਾ, ਮਾਝਾ, ਦੁਆਬਾ ਜੋਨਾ ਵਿਚ ਵੰਡ ਕੇ,9 ਮੈਂਬਰੀ ਮੀਤ ਜਥੇਦਾਰਾਂ ਦੀ ਕਮਾਂਡ ਹੇਠ ਲਿਆਂਦਾ। ਭਾਈ ਕੁਲਵੰਤ ਸਿੰਘ ਕੈਸ਼ੀਅਰ "ਪੰਜਾਬ ਐਂਡ ਸਿੰਧ ਬੈਂਕ" ਨੂੰ ਨਵੇਂ ਨਾਂ ਭਾਈ ਕੁਲਬੀਰ ਸਿੰਘ ਬੱਬਰ ਦੇ ਨਾਲ ਪ੍ਰੈਸ ਸਕੱਤਰ ਐਲਾਨਿਆ ਗਿਆ।




ਇੰਜ ਅਜਿਹੇ ਕਈ ਹੋਰ ਅਹਿਮ ਫ਼ੈਸਲਿਆਂ ਦੇ ਨਾਲ ਬੱਬਰ ਖਾਲਸਾ ਇੰਟਰਨੈਸ਼ਨਲ ਜਥੇਬੰਦੀ ਦੀ ਰੂਪ ਰੇਖਾ ਤਿਆਰ ਕੀਤੀ ਗਈ ਅਤੇ ਇੰਜ 13 ਅਪ੍ਰੈਲ 1982 ਵਾਲੇ ਦਿਨ ਸਿੰਘਾਂ ਦੀ ਜੁਝਾਰੂ ਜਥੇਬੰਦੀ "ਬੱਬਰ ਖਾਲਸਾ ਇੰਟਰਨੈਸ਼ਨਲ" ਮੁਕੰਮਲ ਤੌਰ ਉਪਰ ਹੋਂਦ ਵਿਚ ਆਈ।

17 ਜੂਨ 1983 ਵਾਲੇ ਦਿਨ ਦਿਨ ਜਥੇਦਾਰ ਤਲਵਿੰਦਰ ਸਿੰਘ ਬੱਬਰ ਹੁਣਾਂ ਨੂੰ ਜਰਮਨੀ ਦੀ ਇੰਟਰਪੋਲ ਪੁਲਸ ਨੇ ਉਸ ਵਕਤ ਗ੍ਰਿਫਤਾਰ ਕਰ ਲਿਆ, ਜਦੋਂ ਆਪ ਰੇਲ ਗੱਡੀ ਰਾਹੀਂ ਹਾਲੈਂਡ ਤੋਂ ਜਰਮਨੀ ਵਿੱਚ ਦਾਖਲ ਹੋ ਰਹੇ ਸਨ ।

ਜਥੇਦਾਰ ਤਲਵਿੰਦਰ ਸਿੰਘ ਬੱਬਰ ਕੈਨੇਡਾ ਦਾ ਸੁੱਖ ਆਰਾਮ ਤਿਆਗ ਕੇ ਹਿੰਦੁਸਤਾਨ ਗਏ ਸਨ ਤਾਜੋਂ ਸਿੱਖਾਂ ਨੂੰ ਹਿੰਦ ਸਰਕਾਰ ਦੇ ਜ਼ੁਲਮਾਂ ਤੋਂ ਬਚਾਇਆ ਜਾ ਸਕੇ। ਸੋ ਵਿਦੇਸ਼ ਦੀ ਸੁਖਭਰੀ ਜਿੰਦਗੀ ਦਾ ਤਿਆਗ ਆਪਣੇ ਆਪ ਵਿੱਚ ਇੱਕ ਕੁਰਬਾਨੀ ਹੀ ਕਹੀ ਜਾਵੇ ਗੀ।ਭਾਈ ਸਾਹਿਬ ਦਾ ਇਕੋ ਮਕਸਦ ਸੀ ਕਿ ਆਪਣੇ ਖਾਲਸਾ ਰਾਜ ਦੇ ਲਈ ਜੱਦੋਜਹਿਦ ਕਰਨੀ ਅਤੇ ਸਿੱਖਾਂ ਨੂੰ ਹਿੰਦ ਸਰਕਾਰ ਦੇ ਜ਼ੁਲਮੀ ਹੱਥਾਂ ਰਾਹੀਂ ਹੋ ਰਹੀਆਂ ਬੇਇਨਸਾਫੀਆਂ ਤੋਂ ਇਨਸਾਫ ਦਿਵਾਉਣ ਦੇ ਲਈ ਸਿੱਖਾਂ ਨੂੰ ਜੱਥੇਬੰਦ ਕਰਣਾ।



ਸਾਲ 1980 ਦੇ ਦੌਰਾਨ ਆਪ ਨੇ ਬੱਬਰ ਖਾਲਸਾ ਜਥੇਬੰਦੀ ਦੀ ਰਹਿਨੁਮਾਈ ਹੇਠ ਪੰਜਾਬ ਵਿਚ ਖਾੜਕੂ ਐਕਸ਼ਨਾਂ ਦੀ ਸ਼ੁਰੂਆਤ ਕੀਤੀ। ਜਥੇਦਾਰ ਤਲਵਿੰਦਰ ਸਿੰਘ ਨੇ ਜਦੋਂ ਪੰਜਾਬ ਵਿਚ ਬੱਬਰ ਖਾਲਸਾ ਨਾਂ ਦੀ ਜਥੇਬੰਦੀ ਅਧੀਨ ਨੌਜਵਾਨਾਂ ਨੂੰ ਜਥੇਬੰਧਕ ਢਾਂਚੇ ਵਿੱਚ ਸੰਗਠਿਤ ਕਰਨਾ ਸ਼ੁਰੂ ਕੀਤਾ ਤਾਂ ਹਿੰਦ ਸਰਕਾਰ ਦੀਆਂ ਖੁਫੀਆ ਏਜੰਸੀਆਂ ਦੀ ਨਜ਼ਰਾਂ ਵਿੱਚ, ਆਪ ਆ ਗਏ। ਹੁਣ ਹਿੰਦ ਸਰਕਾਰ ਦੀਆਂ ਪੈਣੀਆਂ ਨਜ਼ਰਾਂ ਹਰ ਵੇਲੇ ਆਪ ਉਪਰ ਸਨ ਇੰਜ ਕਿਸੇ ਵਕਤ ਵੀ ਗ੍ਰਿਫਤਾਰੀ ਹੋ ਸਕਦੀ ਸੀ ਸੋ ਇਸ ਮਾਹੌਲ ਵਿੱਚ ਭਾਈ ਸਾਹਿਬ ਨੇ ਭਾਰਤ ਛੱਡ ਜਾਣਾ ਹੀ ਯੋਗ ਸਮਝਿਆ।

ਆਪ ਦੇ ਕੋਲ ਭਾਵੇਂ ਕੈਨੇਡੀਅਨ ਪਾਸਪੋਰਟ ਸੀ ਫੇਰ ਵੀ ਉਸ ਵਕਤ ਦੇ ਖਤਰੇ ਨੂੰ ਭਾਂਪਦਿਆਂ ਹੋਇਆਂ ਆਪ ਨੇ ਨੇਪਾਲ ਦੇ ਰਸਤਿਉਂ ਬਾਹਰ ਨਿਕਲਣਾ ਯੋਗ ਸਮਝਿਆ।

17 ਜੂਨ 1983 ਵਾਲੇ ਦਿਨ ਜਦੋਂ ਆਪ ਟ੍ਰੇਨ ਰਾਹੀਂ ਹਾਲੈਂਡ ਤੋਂ ਜਰਮਨੀ ਦਾਖਲ ਹੋ ਰਹੇ ਸਨ ਤਾਂ ਜਰਮਨੀ ਦੀ ਇੰਟਰਪੋਲ ਪੁਲਸ ਨੇ ਆਪ ਨੂੰ ਗ੍ਰਿਫ਼ਤਾਰ ਕਰ ਕੇ ਡਜ਼ਲ ਡੋਰਫ਼ ਜੇਲ੍ਹ ਵਿੱਚ ਭੇਜ ਦਿੱਤਾ।ਜਿੱਥੇ ਆਪ ਉਪਰ ਲਗਾਤਾਰ ਇਕ ਵਰ੍ਹੇ ਤਕ ਝੂਠੇ ਸਬੂਤਾਂ ਅਤੇ ਝੂਠੇ ਗਵਾਹਾਂ ਦੇ ਅਧਾਰ ਤੇ ਮੁਕਦਮਾਂ ਚਲਾਇਆ ਗਿਆ।ਇਸ ਦੌਰਾਨ ਹਿੰਦ ਸਰਕਾਰ ਨੇ ਆਪਣਾ ਪੂਰਾ ਜ਼ੋਰ ਲਗਾ ਦਿੱਤਾ ਕੇ ਭਾਈ ਸਾਹਿਬ ਨੂੰ ਹਿੰਦੁਸਤਾਨ ਦੀ ਸਰਕਾਰ ਦੇ ਹਵਾਲੇ ਕਰ ਦਿੱਤਾ ਜਾਵੇ ਪਰ ਆਪਣੇ ਮਨਸੂਬੇ ਵਿੱਚ ਨਾਂ ਤਾਂ ਹਿੰਦ ਸਰਕਾਰ ਸਫ਼ਲ ਹੋ ਸਕੀ ਅਤੇ ਨਾ ਹੀ ਇੰਟਰਪੋਲ। ਅਤੇ ਆਖਰ ਅਦਾਲਤ ਨੇ ਸਾਰੀਆਂ ਦਲੀਲਾਂ ਨੂੰ ਰਦ ਕਰਦਿਆਂ ਹੋਇਆ ਇੱਕ ਸਾਲ ਦੀ ਸਖਤ ਕੈਦ ਤੋਂ ਬਾਅਦ 17 ਜੁਲਾਈ 1984 ਵਾਲੇ ਦਿਨ ਜਥੇਦਾਰ ਤਲਵਿੰਦਰ ਸਿੰਘ ਨੂੰ ਜਰਮਨੀ ਦੀ ਡਜ਼ਲ ਡੋਰਫ਼ ਜੇਲ੍ਹ ਵਿਚੋਂ ਰਿਹਾਅ ਕਰ ਦਿੱਤਾ ਗਿਆ।

ਨਵੰਬਰ 1985 ਵਿਚ, ਕਨਿਸ਼ਕ ਨਾਮ ਦੇ ਭਾਰਤੀ ਹਵਾਈ ਜਹਾਜ਼ ਦੇ ਵਿੱਚ ਹੋਏ ਧਮਾਕੇ ਵਿਚ 229 ਲੋਕ ਮਾਰੇ ਗਏ ਇਸ ਮਾਮਲੇ ਵਿਚ, ਬੱਬਰ ਤਲਵਿੰਦਰ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਗਿਆ ਸੀ। ਕਨੇਡਾ ਦੀ ਫੈਡਰਲ ਅਦਾਲਤ ਨੇ ਅਪ੍ਰੈਲ 1986 ਵਿੱਚ ਆਪ ਨੂੰ ਰਿਹਾਅ ਕਰ ਦਿੱਤਾ। ਮਈ 1986 ਵਿੱਚ ਆਪ ਨੂੰ ਫੇਰ ਗ੍ਰਿਫ਼ਤਾਰ ਕੀਤਾ ਗਿਆ ਅਤੇ 14 ਅਪ੍ਰੈਲ, 1987 ਤੱਕ ਜੇਲ੍ਹ ਵਿੱਚ ਨਜਰਬੰਦ ਰਖਿਆ ਗਿਆ।

ਆਪ ਨੇ ਕਈ ਮੁਹਿੰਮਾਂ ਅਤੇ ਪੰਥਕ ਕਾਰਜਾਂ ਵਿੱਚ ਹਿੱਸਾ ਲਿਆ।ਅਕਤੂਬਰ 1992 ਵਿਚ, ਆਪ ਨੂੰ ਜੰਮੂ ਤੋਂ ਗ੍ਰਿਫਤਾਰ ਕੀਤਾ ਗਿਆ ਅਤੇ ਬੇਰਹਿਮੀ ਦੇ ਨਾਲ ਤਸੀਹੇ ਦੇ ਕੇ ਅੰਨ੍ਹਾ ਤਸ਼ਦੱਦ ਕੀਤਾ। 15 ਅਕਤੂਬਰ 1992 ਵਾਲੇ ਦਿਨ ਪਿੰਡ ਕੰਗ ਅਰਾਈਆਂ,ਜ਼ਿਲ੍ਹਾ ਜਲੰਧਰ ਵਿਖੇ ਇੱਕ ਝੂਠੇ ਪੁਲਿਸ ਮੁਕਾਬਲੇ ਵਿੱਚ ਸ਼ਹੀਦ ਕਰ ਦਿੱਤਾ ਗਿਆ।

**ਭੁੱਲਾਂ ਦੀ ਖਿਮਾ:**
**-ਗੁਰਦੀਪ ਸਿੰਘ ਜਗਬੀਰ (ਡਾ.)**

## ਸੇਂਟ ਸੋਲਜਰ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ

# ਡਾ.ਅਮਰਪ੍ਰੀਤ ਕੌਰ ਸਵਾਮੀ ਵਿਵੇਕਾਨੰਦ ਨੈਸ਼ਨਲ ਅਵਾਰਡ 2026 ਨਾਲ ਸਨਮਾਨਿਤ




**ਜੰਡਿਆਲਾ ਗੁਰੂ 14 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਸਿੱਖਿਆ ਦੇ ਖੇਤਰ ਵਿੱਚ ਆਪਣੀ ਵਿਲੱਖਣ ਪਛਾਣ ਬਣਾਉਣ ਵਾਲੇ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਦੇ ਨਾਂ ਇੱਕ ਹੋਰ ਮਾਣਮੱਤੀ ਪ੍ਰਾਪਤੀ ਜੁੜ ਗਈ ਹੈ। ਸਕੂਲ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੂੰ ਸਿੱਖਿਆ ਦੇ ਖੇਤਰ ਵਿੱਚ ਪਾਏ ਗਏ ਵਡਮੁੱਲੇ ਯੋਗਦਾਨ ਅਤੇ ਉਨ੍ਹਾਂ ਦੀ ਦੂਰਅੰਦੇਸ਼ੀ

ਆਵਾਜ਼ਿ ਕੌਮ AWAZE QAUM
International Newspaper & WEB TV

ਅਗਵਾਈ ਸਦਕਾ ਵੱਕਾਰੀ 'ਸਵਾਮੀ ਵਿਵੇਕਾਨੰਦ ਨੈਸ਼ਨਲ ਅਵਾਰਡ 2026' ਨਾਲ ਸਨਮਾਨਿਤ ਕੀਤਾ ਗਿਆ। ਇਹ ਸਨਮਾਨ 10 ਅਕਤੂਬਰ 2026 ਨੂੰ ਜੰਮੂ ਦੇ ਵਿਵਾਂਤਾ ਸਿਟੀ ਸੈਂਟਰ ਵਿਖੇ ਆਯੋਜਿਤ 'ਐਜੂਕੇਸ਼ਨ ਐਕਸੀਲੈਂਸ ਕਨਕਲੇਵ 2026' ਦੌਰਾਨ ਏਕ ਉਪਦੇਸ਼ ਮੀਡੀਆ ਵੱਲੋਂ ਪ੍ਰਦਾਨ ਕੀਤਾ ਗਿਆ। ਡਾ. ਅਮਰਪ੍ਰੀਤ ਕੌਰ ਨੂੰ ਇਹ ਰਾਸ਼ਟਰੀ ਪੱਧਰ ਦਾ ਸਨਮਾਨ ਉਨ੍ਹਾਂ ਦੀ ਅਣਥੱਕ ਮਿਹਨਤ, ਸਮਰਪਣ, ਕੁਸ਼ਲ ਪ੍ਰਬੰਧਕੀ ਯੋਗਤਾ ਅਤੇ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਕੀਤੇ ਜਾ ਰਹੇ ਨਿਰੰਤਰ ਯਤਨਾਂ ਦੀ ਮਾਨਤਾ ਵਜੋਂ ਦਿੱਤਾ ਗਿਆ।ਇਸ ਮਾਣਮੱਤੀ ਪ੍ਰਾਪਤੀ 'ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਨੇ ਡਾ. ਅਮਰਪ੍ਰੀਤ ਕੌਰ ਨੂੰ ਦਿਲੋਂ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਸ ਉਪਲਬਧੀ ਨਾਲ ਸਕੂਲ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਹ ਸਨਮਾਨ ਨਾ ਸਿਰਫ਼ ਉਨ੍ਹਾਂ ਦੀ ਨਿੱਜੀ ਪ੍ਰਾਪਤੀ ਹੈ, ਸਗੋਂ ਸਮੁੱਚੇ ਸਕੂਲ ਪਰਿਵਾਰ ਲਈ ਵੀ ਬੇਹੱਦ ਮਾਣ ਅਤੇ ਖੁਸ਼ੀ ਦਾ ਵਿਸ਼ਾ ਹੈ। ਉਨ੍ਹਾਂ ਡਾ. ਅਮਰਪ੍ਰੀਤ ਕੌਰ ਦੀ ਅਗਵਾਈ ਹੇਠ ਸੰਸਥਾ ਵੱਲੋਂ ਵਿੱਦਿਅਕ ਉੱਤਮਤਾ, ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਅਤੇ ਮਿਆਰੀ ਸਿੱਖਿਆ ਪ੍ਰਤੀ ਨਿਭਾਈ ਜਾ ਰਹੀ ਵਚਨਬੱਧਤਾ ਦੀ ਭਰਪੂਰ ਸ਼ਲਾਘਾ ਕੀਤੀ ਉਨ੍ਹਾਂ ਕਿਹਾ ਕਿ ਅਜਿਹੇ ਰਾਸ਼ਟਰੀ ਸਨਮਾਨ ਸਿੱਖਿਆ ਦੇ ਖੇਤਰ ਵਿੱਚ ਹੋਰ ਵਧੇਰੇ ਮਿਹਨਤ ਅਤੇ ਸਮਰਪਣ ਨਾਲ ਕੰਮ ਕਰਨ ਲਈ ਪ੍ਰੇਰਿਤ ਕਰਦੇ ਹਨ। ਇਸ ਮੌਕੇ ਡਾਇਰੈਕਟਰ ਪ੍ਰਿੰਸੀਪਲ ਡਾ .ਅਮਰਪ੍ਰੀਤ ਕੌਰ ਜੀ ਨੇ ਆਪਣਾ ਇਹ ਅਵਾਰਡ ਸਕੂਲ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਸਮਰਪਿਤ ਕਰਦੇ ਹੋਏ ਮੈਨੇਜਮੈਂਟ ਅਤੇ ਅਧਿਆਪਕਾਂ ਨੂੰ ਇੱਕ ਟੀਮ ਦੀ ਤਰ੍ਹਾਂ ਕੰਮ ਕਰਨ ਦੀ ਪ੍ਰੇਰਨਾ ਦਿੰਦਿਆਂ ਵਿਦਿਆਰਥੀਆਂ ਦੇ ਭਵਿੱਖ ਨੂੰ ਹੋਰ ਸੁਨਿਆਰਾ ਬਣਾਉਣ ਦਾ ਸੰਦੇਸ਼ ਦਿੱਤਾ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ ,ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨੀਲਾਕਸ਼ੀ ਗੁਪਤਾ, ਕੋਆਰਡੀਨੇਟਰ ਮਮਤਾ ਅਰੋੜਾ ਸਮੂਹ ਸਟਾਫ ਅਤੇ ਬੱਚੇ ਹਾਜਰ ਸਨ।

> **ਅਜਿਹੇ ਰਾਸ਼ਟਰੀ ਸਨਮਾਨ ਸਿੱਖਿਆ ਦੇ ਖੇਤਰ ਵਿੱਚ ਹੋਰ ਵਧੇਰੇ ਮਿਹਨਤ ਅਤੇ ਸਮਰਪਣ ਨਾਲ ਕੰਮ ਕਰਨ ਲਈ ਪ੍ਰੇਰਿਤ ਕਰਦੇ ਹਨ ਡਾ: ਮੰਗਲ ਸਿੰਘ ਕਿਸ਼ਨਪੁਰੀ**

# ਝੋਟਾ ਦਾ ਕਤਲ ਪੰਜਾਬ ਸਰਕਾਰ ਦੀ ਵੱਡੀ ਲਾਪਰਵਾਹੀ ਤੇ ਨਾਕਾਮੀ ਦਾ ਪ੍ਰਗਟਾਵਾ: ਹਰਮੀਤ ਸਿੰਘ ਕਾਲਕਾ

ਨਵੀਂ ਦਿੱਲੀ 14 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਦੀ ਦੁਖਦਾਈ ਘਟਨਾ 'ਤੇ ਡੂੰਘਾ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਇਹ ਘਟਨਾ ਪੰਜਾਬ ਸਰਕਾਰ ਦੀ ਵੱਡੀ ਲਾਪਰਵਾਹੀ ਅਤੇ ਨਾਕਾਮਯਾਬੀ ਦਾ

ਆਵਾਜ਼ਿ ਕੌਮ AWAZE QAUM
International Newspaper & WEB TV



ਪ੍ਰਗਟਾਵਾ ਕਰਦੀ ਹੈ।ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਸਮਾਜ ਨੂੰ ਜਾਗਰੂਕ ਕਰਨ ਵਾਲੇ ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਬੇਹੱਦ ਚਿੰਤਾਜਨਕ ਹੈ ਅਤੇ ਪੰਜਾਬ ਸਰਕਾਰ ਨੂੰ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ। ਸ. ਕਾਲਕਾ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਵੀ ਹੁਣ ਸੁਚੇਤ ਅਤੇ ਸਾਵਧਾਨ ਹੋਣ ਦੀ ਲੋੜ ਹੈ, ਕਿਉਂਕਿ ਨਸ਼ਿਆਂ ਦਾ ਮੁੱਦਾ ਪੰਜਾਬ ਦੀ ਨੌਜਵਾਨ ਪੀੜ੍ਹੀ ਅਤੇ ਸਮਾਜ ਦੇ ਭਵਿੱਖ ਨਾਲ ਸਿੱਧਾ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੀੜਤ ਪਰਿਵਾਰ ਨੂੰ ਹਰ ਤਰ੍ਹਾਂ ਦਾ ਸੰਭਵ ਸਹਿਯੋਗ ਦਿੱਤਾ ਜਾਵੇਗਾ। ਨਸ਼ਿਆਂ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਨ ਵਾਲੇ ਯੋਧੇ ਪਰਵਿੰਦਰ ਸਿੰਘ ਝੋਟਾ ਦੀ ਕੁਰਬਾਨੀ ਵਿਅਰਥ ਨਹੀਂ ਜਾਣੀ ਚਾਹੀਦੀ ਅਤੇ ਸਰਕਾਰ ਨੂੰ ਇਸ ਘਟਨਾ ਦੇ ਪਿੱਛੇ ਮੌਜੂਦ ਕਾਰਨਾਂ ਦੀ ਨਿਰਪੱਖ ਜਾਂਚ ਕਰਵਾ ਕੇ ਇਨਸਾਫ਼ ਯਕੀਨੀ ਬਣਾਉਣਾ ਚਾਹੀਦਾ ਹੈ।

# ਅੰਮ੍ਰਿਤਸਰ ਜ਼ਿਲ੍ਹੇ ਵਿੱਚ 36 ਨਵੇਂ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਪੰਜਾਬ ਭਰ ਵਿੱਚ 154 ਨਵੇਂ ਕਲੀਨਿਕਾਂ ਦਾ ਉਦਘਾਟਨ; ਸੂਬੇ ਵਿੱਚ ਕੁੱਲ ਗਿਣਤੀ 1,245 ਹੋਈ

## ਲੋਕਾਂ ਨੂੰ ਮੁਫ਼ਤ ਦਵਾਈਆਂ, ਡਾਕਟਰੀ ਸਲਾਹ ਅਤੇ ਜਾਂਚ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ: ਹਰਭਜਨ ਸਿੰਘ ਈ.ਟੀ.ਓ.





**ਜੰਡਿਆਲਾ ਗੁਰੂ, 14 ਅਕਤੂਬਰ (ਕੁਲਵੰਤ ਸਿੰਘ ਵਿਰਦੀ )**-ਪੰਜਾਬ ਸਰਕਾਰ ਵੱਲੋਂ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਅੰਮ੍ਰਿਤਸਰ ਜ਼ਿਲ੍ਹੇ ਵਿੱਚ 36 ਨਵੇਂ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ ਗਏ। ਇਸ ਮੌਕੇ ਹੁਸ਼ਿਆਰਪੁਰ ਵਿਖੇ ਕਰਵਾਏ ਗਏ ਸੂਬਾ ਪੱਧਰੀ ਸਮਾਗਮ ਦੌਰਾਨ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ, ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਆਮ ਆਦਮੀ ਪਾਰਟੀ ਦੀ ਪੰਜਾਬ ਲੀਡਰਸ਼ਿਪ ਵੱਲੋਂ ਸੂਬੇ ਭਰ ਵਿੱਚ 154 ਨਵੇਂ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਕੀਤਾ ਗਿਆ। ਇਸ ਨਾਲ ਪੰਜਾਬ ਵਿੱਚ ਆਮ ਆਦਮੀ ਕਲੀਨਿਕਾਂ ਦੀ ਕੁੱਲ ਗਿਣਤੀ 1,245 ਹੋ ਗਈ ਹੈ ਸੂਬਾ ਪੱਧਰੀ ਸਮਾਗਮ ਤੋਂ ਬਾਅਦ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ., ਵਿਧਾਇਕ ਸ. ਕੁਲਦੀਪ ਸਿੰਘ ਧਾਲੀਵਾਲ, ਵਿਧਾਇਕ ਮੈਡਮ ਜੀਵਨਜੋਤ ਕੌਰ, ਵਿਧਾਇਕ ਸ. ਜਸਵਿੰਦਰ ਸਿੰਘ ਰਾਮਦਾਸ ਅਤੇ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਵੱਲੋਂ ਅੰਮ੍ਰਿਤਸਰ ਜ਼ਿਲ੍ਹੇ ਦੇ ਵੱਖ-ਵੱਖ ਸਥਾਨਾਂ 'ਤੇ ਨਵੇਂ ਕਲੀਨਿਕਾਂ ਦਾ ਉਦਘਾਟਨ ਕਰਕੇ ਉਨ੍ਹਾਂ ਨੂੰ ਲੋਕਾਂ ਨੂੰ ਸਮਰਪਿਤ ਕੀਤਾ ਗਿਆ। ਇਨ੍ਹਾਂ ਵਿੱਚ ਮਾਨਾਂਵਾਲਾ ਵਿਖੇ 8, ਰਮਦਾਸ ਵਿਖੇ 12, ਤਰਸਿੱਕਾ ਵਿਖੇ 2, ਵੇਰਕਾ ਵਿਖੇ 5, ਲੋਪੋਕੇ ਵਿਖੇ 7, ਥਰੀਏਵਾਲ ਵਿਖੇ 1 ਅਤੇ ਬਾਬਾ ਬਕਾਲਾ ਵਿਖੇ 1 ਕਲੀਨਿਕ ਸ਼ਾਮਲ ਹੈ।ਇਸ ਮੌਕੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਰਾਹੀਂ ਹੁਣ ਤੱਕ ਮਰੀਜ਼ 6.5 ਕਰੋੜ ਤੋਂ ਵੱਧ ਵਾਰ ਮੁਫ਼ਤ ਦਵਾਈਆਂ ਅਤੇ ਜਾਂਚ ਸਹੂਲਤਾਂ ਦਾ ਲਾਭ ਲੈ ਚੁੱਕੇ ਹਨ।ਇਨ੍ਹਾਂ ਕਲੀਨਿਕਾਂ ਵਿੱਚ ਮੁਫ਼ਤ ਡਾਕਟਰੀ ਸਲਾਹ, ਦਵਾਈਆਂ ਅਤੇ ਵੱਖ-ਵੱਖ ਮੈਡੀਕਲ ਜਾਂਚਾਂ ਦੀ ਸਹੂਲਤ ਉਪਲਬਧ ਕਰਵਾਈ ਜਾ ਰਹੀ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕਲੀਨਿਕਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ। ਉਨ੍ਹਾਂ ਕਿਹਾ ਕਿ ਕਲੀਨਿਕਾਂ ਦੇ ਵਿਸਥਾਰ ਨਾਲ ਮੁੱਢਲੀਆਂ ਸਿਹਤ ਸੇਵਾਵਾਂ ਦੀ ਪਹੁੰਚ ਵਧੇਗੀ, ਵੱਡੇ ਹਸਪਤਾਲਾਂ 'ਤੇ ਮਰੀਜ਼ਾਂ ਦਾ ਬੋਝ ਘਟੇਗਾ ਅਤੇ ਲੋਕਾਂ ਨੂੰ ਸਮੇਂ ਸਿਰ ਇਲਾਜ ਮਿਲ ਸਕੇਗਾ।ਉਨ੍ਹਾਂ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਕਲੀਨਿਕ ਸਥਾਪਤ ਹੋਣ ਨਾਲ ਲੋਕਾਂ ਨੂੰ ਛੋਟੀਆਂ ਸਿਹਤ ਸਮੱਸਿਆਵਾਂ ਲਈ ਦੂਰ-ਦੁਰਾਡੇ ਹਸਪਤਾਲਾਂ ਵਿੱਚ ਜਾਣ ਦੀ ਲੋੜ ਘਟੇਗੀ, ਜਿਸ ਨਾਲ ਉਨ੍ਹਾਂ ਦੇ ਸਮੇਂ ਅਤੇ ਖਰਚੇ ਦੀ ਬਚਤ ਹੋਵੇਗੀ। ਇਨ੍ਹਾਂ ਕਲੀਨਿਕਾਂ ਦਾ ਉਦੇਸ਼ ਬਿਮਾਰੀਆਂ ਦੀ ਸਮੇਂ ਸਿਰ ਪਛਾਣ, ਰੋਕਥਾਮ ਅਤੇ ਸਿਹਤ ਸਬੰਧੀ ਜਾਗਰੂਕਤਾ ਨੂੰ ਉਤਸ਼ਾਹਿਤ ਕਰਨਾ ਵੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿਹਤ ਅਤੇ ਸਿੱਖਿਆ ਖੇਤਰਾਂ ਨੂੰ ਵਿਸ਼ੇਸ਼ ਤਰਜੀਹ ਦੇ ਰਹੀ ਹੈ ਅਤੇ ਪੇਂਡੂ ਸਿਹਤ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ, ਤਾਂ ਜੋ ਹਰ ਵਰਗ ਦੇ ਲੋਕਾਂ ਨੂੰ ਆਸਾਨੀ ਨਾਲ ਗੁਣਵੱਤਾ ਭਰਪੂਰ ਸਿਹਤ ਸਹੂਲਤਾਂ ਮਿਲ ਸਕਣ।ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਰਸ਼ਮੀ ਵਿਜ, ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਨੀਲਮ ਭਗਤ, ਡੀ.ਡੀ.ਐੱਚ.ਓ. ਡਾ. ਜਗਨਜੋਤ ਕੌਰ, ਸਹਾਇਕ ਸਿਵਲ ਸਰਜਨ ਡਾ. ਸਤਨਾਮ ਸਿੰਘ, ਜ਼ਿਲ੍ਹਾ ਸਿਹਤ ਅਫ਼ਸਰ ਡਾ. ਮਨਜੀਤ ਸਿੰਘ ਰਤੌਲ, ਸੀਨੀਅਰ ਮੈਡੀਕਲ ਅਫ਼ਸਰ ਡਾ. ਜਸਪਾਲ ਸਿੰਘ, ਜ਼ਿਲ੍ਹਾ ਐੱਮ.ਈ.ਆਈ.ਓ. ਅਮਰਦੀਪ ਸਿੰਘ, ਡੀ.ਪੀ.ਐੱਮ. ਸੁਖਜਿੰਦਰ ਸਿੰਘ, ਆਮ ਆਦਮੀ ਪਾਰਟੀ ਦੇ ਅਹੁਦੇਦਾਰ ਅਤੇ ਸਿਹਤ ਵਿਭਾਗ ਦਾ ਸਮੁੱਚਾ ਸਟਾਫ਼ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM
International Newspaper & WEB TV

## ਪਰਵਿੰਦਰ ਸਿੰਘ ਝੋਟਾ ਦਾ ਕਤਲ ਪੰਜਾਬ ਦੇ ਨਿੱਘਰ ਚੁੱਕੇ ਪ੍ਰਬੰਧ, ਪੁਲਿਸ-ਮਾਫ਼ੀਆ ਗੱਠਜੋੜ ਅਤੇ

# ਨਸ਼ਿਆਂ ਵਿਰੁੱਧ ਸਰਕਾਰ ਦੀ ਨਾਕਾਮ ਜੰਗ ਦਾ ਕਰਦਾ ਹੈ ਪਰਦਾਫ਼ਾਸ਼: ਦਲ ਖ਼ਾਲਸਾ



**ਨਵੀਂ ਦਿੱਲੀ 14 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** ਨਸ਼ਿਆਂ ਵਿਰੁੱਧ ਸਰਗਰਮੀ ਨਾਲ ਆਵਾਜ਼ ਬੁਲੰਦ ਕਰਨ ਵਾਲੇ ਪਰਵਿੰਦਰ ਸਿੰਘ ਝੋਟਾ ਦੇ ਦਿਨ-ਦਿਹਾੜੇ ਹੋਏ ਬੇਰਹਿਮ ਕਤਲ ਦੀ ਸਖ਼ਤ ਨਿਖੇਧੀ ਕਰਦਿਆਂ ਦਲ ਖ਼ਾਲਸਾ ਦੇ ਕਾਰਜਕਾਰੀ ਪ੍ਰਧਾਨ ਪਰਮਜੀਤ ਸਿੰਘ ਮੰਡ ਅਤੇ ਬਾਬਾ ਮਹਿਰਾਜ ਨੇ ਮਾਨਸਾ ਮੋਰਚੇ ਵਿੱਚ ਸ਼ਾਮਲ ਹੋ ਕੇ ਪੰਜਾਬ ਸਰਕਾਰ ਉੱਤੇ ਤਿੱਖਾ ਹਮਲਾ ਬੋਲਿਆ। ਉਨ੍ਹਾਂ ਕਿਹਾ ਕਿ ਪੰਜਾਬ ਦਾ ਸਮੁੱਚਾ ਪ੍ਰਬੰਧ ਅੰਦਰੋਂ ਖੋਖਲਾ ਹੋ ਚੁੱਕਾ ਹੈ, ਜਿੱਥੇ ਨਸ਼ਾ ਤਸਕਰ ਅਤੇ ਬੇਈਮਾਨ ਦਵਾਈ ਵਿਕਰੇਤਾ ਬੇਖ਼ੌਫ਼ ਹੋ ਕੇ ਆਪਣਾ ਧੰਦਾ ਚਲਾ ਰਹੇ ਹਨ, ਜਦਕਿ ਨਸ਼ਿਆਂ ਵਿਰੁੱਧ ਲੜਨ ਵਾਲਿਆਂ ਨੂੰ ਹਿੰਸਾ ਅਤੇ ਮੌਤ ਦੇ ਮੂੰਹ ਵਿੱਚ ਧੱਕਿਆ ਜਾ ਰਿਹਾ ਹੈ। ਸੋਸ਼ਲ ਮੀਡੀਆ ਉੱਤੇ ਸਿੱਧੇ ਪ੍ਰਸਾਰਿਤ ਹੋਏ ਇਸ ਕਤਲ ਨੂੰ ਪੰਜਾਬ ਦੀ ਕਾਨੂੰਨ-ਵਿਵਸਥਾ ਦੇ ਮੂੰਹ ਉੱਤੇ ਕਰਾਰੀ ਚਪੇੜ ਕਰਾਰ ਦਿੰਦਿਆਂ ਮੰਡ ਨੇ ਕਿਹਾ ਕਿ ਇਹ ਮਹਿਜ਼ ਇੱਕ ਹੋਰ ਅਪਰਾਧਿਕ ਵਾਰਦਾਤ ਨਹੀਂ, ਸਗੋਂ ਸੂਬੇ ਦੀਆਂ ਸੰਸਥਾਵਾਂ ਵਿੱਚ ਘਰ ਕਰ ਚੁੱਕੀ ਡੂੰਘੀ ਗਿਰਾਵਟ ਅਤੇ ਪ੍ਰਬੰਧਕੀ ਨਿਘਾਰ ਦਾ ਪ੍ਰਤੱਖ ਸਬੂਤ ਹੈ। ਉਨ੍ਹਾਂ ਮਾਨਸਾ ਮੋਰਚੇ ਵਿੱਚ ਸੰਗਤ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਅਤੇ ਡੀਜੀਪੀ ਦੇ ਅਸਤੀਫ਼ਿਆਂ ਦੀ ਉਠਾਈ ਗਈ ਮੰਗ ਦੀ ਪ੍ਰੋੜਤਾ ਕੀਤੀ ਅਤੇ ਕਿਹਾ ਕਿ ਨਸ਼ਿਆਂ ਵਿਰੁੱਧ ਲੜ ਰਹੇ ਕਾਰਕੁਨਾਂ ਦੀ ਸੁਰੱਖਿਆ ਯਕੀਨੀ ਬਣਾਉਣ ਵਿੱਚ ਨਾਕਾਮ ਰਹਿਣ ਵਾਲੇ ਹੁਕਮਰਾਨਾਂ ਨੂੰ ਆਪਣੇ ਅਹੁਦਿਆਂ ਉੱਤੇ ਬਣੇ ਰਹਿਣ ਦਾ ਕੋਈ ਨੈਤਿਕ ਅਧਿਕਾਰ ਨਹੀਂ ਹੈ। ਦਲ ਖ਼ਾਲਸਾ ਦੇ ਮੀਤ ਪ੍ਰਧਾਨ ਬਾਬਾ ਹਰਦੀਪ ਸਿੰਘ ਅਤੇ ਸਕੱਤਰ ਮਾਨ ਸਿੰਘ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਕਿ, "ਨਸ਼ਿਆਂ ਵਿਰੁੱਧ ਜੰਗ ਨਾਅਰਿਆਂ, ਦਿਖਾਵੇ ਦੀਆਂ ਛਾਪੇਮਾਰੀਆਂ ਅਤੇ ਸਿਆਸੀ ਇਸ਼ਤਿਹਾਰਬਾਜ਼ੀ ਨਾਲ ਨਹੀਂ ਜਿੱਤੀ ਜਾ ਸਕਦੀ। ਪੰਜਾਬ ਸਰਕਾਰ ਦਾ 'ਯੁੱਧ ਨਸ਼ਿਆਂ ਵਿਰੁੱਧ' ਆਪਣੀ ਦਿਸ਼ਾ ਤੋਂ ਭਟਕ ਕੇ 'ਨਸ਼ਿਆਂ ਤੋਂ ਬਚਾਉਣ ਵਾਲਿਆਂ ਵਿਰੁੱਧ ਯੁੱਧ' ਬਣ ਗਿਆ ਹੈ। ਜੇਕਰ ਇਸ ਖ਼ਤਰਨਾਕ ਗੱਠਜੋੜ ਨੂੰ ਨਾ ਤੋੜਿਆ ਗਿਆ ਤਾਂ ਪੰਜਾਬ ਇੱਕ ਪਾਸੇ ਆਪਣੀ ਜਵਾਨੀ ਨਸ਼ਿਆਂ ਦੀ ਭੇਟ ਚੜ੍ਹਾਉਂਦਾ ਰਹੇਗਾ ਅਤੇ ਦੂਜੇ ਪਾਸੇ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਦਲੇਰ ਲੋਕ ਹਿੰਸਾ ਦਾ ਸ਼ਿਕਾਰ ਹੁੰਦੇ ਰਹਿਣਗੇ।" ਪਰਮਜੀਤ ਸਿੰਘ ਮੰਡ ਨੇ ਕਿਹਾ ਕਿ ਦਲ ਖ਼ਾਲਸਾ ਸਮੁੱਚੇ ਪੰਜਾਬ ਵਾਸੀਆਂ ਨੂੰ 15 ਅਕਤੂਬਰ ਦੇ ਪੰਜਾਬ ਬੰਦ ਵਿੱਚ ਸ਼ਾਮਲ ਹੋਣ ਦੀ ਪੁਰਜ਼ੋਰ ਅਪੀਲ ਕਰਦਾ ਹੈ। ਮਾਨਸਾ ਦੇ ਮੋਰਚੇ ਵਿੱਚ ਤਿੱਖੀ ਤਕਰੀਰ ਕਰਦਿਆਂ ਪਰਮਜੀਤ ਸਿੰਘ ਮੰਡ ਅਤੇ ਬਾਬਾ ਹਰਦੀਪ ਸਿੰਘ ਮਹਿਰਾਜ ਨੇ ਸਰਕਾਰ ਦੀ ਹਥਿਆਰਾਂ ਦੇ ਲਾਇਸੈਂਸ ਜਾਰੀ ਕਰਨ ਦੀ ਨੀਤੀ ਉੱਤੇ ਵੀ ਗੰਭੀਰ ਸਵਾਲ ਉਠਾਏ। ਮੰਡ ਨੇ ਮੰਗ ਕੀਤੀ ਕਿ ਸਰਕਾਰ ਸਪੱਸ਼ਟ ਕਰੇ ਕਿ ਅਪਰਾਧਿਕ ਮਾਮਲਿਆਂ ਦੇ ਬਾਵਜੂਦ ਕਤਲ ਦੇ ਮੁਲਜ਼ਮ ਕੋਲ ਕਥਿਤ ਤੌਰ ਉੱਤੇ ਲਾਇਸੈਂਸੀ ਹਥਿਆਰ ਕਿਵੇਂ ਸੀ। ਮੰਡ ਨੇ ਦੋਸ਼ ਲਾਇਆ ਕਿ ਜਿਨ੍ਹਾਂ ਨਸ਼ਾ ਤਸਕਰਾਂ ਵਿਰੁੱਧ ਅਪਰਾਧਿਕ ਮਾਮਲੇ ਦਰਜ ਹਨ, ਉਨ੍ਹਾਂ ਨੂੰ ਵੀ ਹਥਿਆਰਾਂ ਦੇ ਲਾਇਸੈਂਸ ਦਿੱਤੇ ਜਾਂਦੇ ਹਨ, ਜਦਕਿ ਨਸ਼ਿਆਂ ਵਿਰੁੱਧ ਲੜ ਰਹੇ ਕਾਰਕੁਨਾਂ ਨੂੰ ਭਵਿੱਖ ਦੇ ਕਿਸੇ ਅਸਪੱਸ਼ਟ ਅਤੇ ਕਾਲਪਨਿਕ ਖ਼ਤਰੇ ਦਾ ਹਵਾਲਾ ਦੇ ਕੇ ਲਾਇਸੈਂਸ ਦੇਣ ਤੋਂ ਇਨਕਾਰ ਕਰ ਦਿੱਤਾ ਜਾਂਦਾ ਹੈ। ਉਨ੍ਹਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਅਪੀਲ ਕੀਤੀ ਕਿ ਉਹ ਸਿੱਖਾਂ ਨੂੰ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੀ ਸ਼ਸਤਰਧਾਰੀ ਹੋਣ ਦੀ ਪਰੰਪਰਾ ਨਾਲ ਜੁੜਨ ਅਤੇ ਕਾਨੂੰਨ ਦੇ ਦਾਇਰੇ ਵਿੱਚ ਰਹਿੰਦਿਆਂ ਸਵੈ-ਰੱਖਿਆ ਲਈ ਸ਼ਸਤਰ ਰੱਖਣ ਸਬੰਧੀ ਹੁਕਮ ਜਾਰੀ ਕਰਨ। ਪਰਮਜੀਤ ਸਿੰਘ ਮੰਡ ਨੇ ਪਿੰਡਾਂ ਦੀਆਂ ਪੰਚਾਇਤਾਂ, ਨੌਜਵਾਨ ਜਥੇਬੰਦੀਆਂ, ਸਮਾਜਿਕ ਸੰਸਥਾਵਾਂ ਅਤੇ ਪੰਜਾਬ ਦੇ ਜਾਗਰੂਕ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਵਿਰੁੱਧ ਸ਼ਾਂਤਮਈ ਢੰਗ ਨਾਲ ਲੋਕ-ਆਧਾਰਿਤ ਨਿਗਰਾਨ ਕਮੇਟੀਆਂ ਅਤੇ ਕਾਰਜ ਦਲ ਕਾਇਮ ਕਰਨ। ਉਨ੍ਹਾਂ ਨੇ ਨਸ਼ਿਆਂ ਦੇ ਕਾਰੋਬਾਰ ਦਾ ਪਰਦਾਫ਼ਾਸ਼ ਕਰਨ ਵਾਲਿਆਂ ਦੀ ਸੁਰੱਖਿਆ ਯਕੀਨੀ ਬਣਾਉਣ ਅਤੇ ਪੁਲਿਸ ਤੇ ਪ੍ਰਸ਼ਾਸਨ ਤੋਂ ਜਵਾਬਦੇਹੀ ਮੰਗਣ ਦਾ ਸੱਦਾ ਦਿੱਤਾ। ਦਲ ਖ਼ਾਲਸਾ ਨੇ ਸਮੁੱਚੇ ਪੰਜਾਬ ਵਾਸੀਆਂ, ਕਿਸਾਨ ਜਥੇਬੰਦੀਆਂ, ਵਿਦਿਆਰਥੀਆਂ, ਨੌਜਵਾਨਾਂ, ਵਪਾਰੀਆਂ, ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਨੂੰ 15 ਅਕਤੂਬਰ ਦੇ ਪੰਜਾਬ ਬੰਦ ਵਿੱਚ ਵੱਧ-ਚੜ੍ਹ ਕੇ ਸ਼ਾਮਲ ਹੋਣ ਦੀ ਪੁਰਜ਼ੋਰ ਅਪੀਲ ਕੀਤੀ। ਜਥੇਬੰਦੀ ਨੇ ਕਿਹਾ ਕਿ ਇਹ ਬੰਦ ਕਿਸੇ ਇੱਕ ਵਿਅਕਤੀ ਜਾਂ ਜਥੇਬੰਦੀ ਦਾ ਮਸਲਾ ਨਹੀਂ, ਸਗੋਂ ਪੰਜਾਬ ਦੀ ਜਵਾਨੀ, ਸਮਾਜਿਕ ਸੁਰੱਖਿਆ ਅਤੇ ਲੋਕਾਂ ਦੇ ਜਿਊਣ ਦੇ ਅਧਿਕਾਰ ਨਾਲ ਜੁੜਿਆ ਹੋਇਆ ਹੈ। ਜਥੇਬੰਦੀ ਨੇ ਲੋਕਾਂ ਨੂੰ ਸ਼ਾਂਤਮਈ ਅਤੇ ਜ਼ਾਬਤੇ ਵਿੱਚ ਰਹਿ ਕੇ ਬੰਦ ਨੂੰ ਸਫ਼ਲ ਬਣਾਉਣ ਦਾ ਸੱਦਾ ਦਿੱਤਾ। ਹਜ਼ਾਰਾਂ ਦੀ ਤਾਦਾਦ ਵਿੱਚ ਮਾਨਸਾ ਮੋਰਚੇ 'ਤੇ ਹਾਜ਼ਰ ਨੌਜਵਾਨ ਸਿੱਖਾਂ ਨੂੰ ਲਲਕਾਰਦੇ ਹੋਏ, ਮੰਡ ਨੇ ਤਿੱਖੇ ਸ਼ਬਦਾਂ ਵਿੱਚ ਕਿਹਾ, "ਜੇਕਰ ਸਰਕਾਰ ਨਿਕੰਮੀ ਅਤੇ ਨਿਪੁੰਸਕ ਹੈ ਤਾਂ ਸਾਨੂੰ ਇਹ ਲੜਾਈ ਆਪ ਲੜਨੀ ਪਵੇਗੀ। ਅਸੀਂ ਨਸ਼ਾ ਮਾਫ਼ੀਆ ਦੇ ਹੱਥੋਂ ਇੱਕ ਹੋਰ ਪਰਵਿੰਦਰ ਸਿੰਘ ਝੋਟਾ ਦਾ ਕਤਲ ਬਰਦਾਸ਼ਤ ਨਹੀਂ ਕਰ ਸਕਦੇ। ਪੰਜਾਬ ਨੂੰ ਹੁਣ ਜਾਗਣਾ ਅਤੇ ਉੱਠ ਖੜ੍ਹਾ ਹੋਣਾ ਪਵੇਗਾ!"

### ਸਮੁੱਚੇ ਪੰਜਾਬ ਵਾਸੀਆਂ ਨੂੰ 15 ਅਕਤੂਬਰ ਦੇ ਪੰਜਾਬ ਬੰਦ ਵਿੱਚ ਸ਼ਾਮਲ ਹੋਣ ਦੀ ਪੁਰਜ਼ੋਰ ਅਪੀਲ

ਆਵਾਜ਼ਿ ਕੌਮ AWAZE QAUM International Newspaper & WEB TV

## ਪਰਮਿੰਦਰ ਸਿੰਘ ਝੋਟਾ ਦੇ ਹੱਕ ਵਿੱਚ ਬੀਜੇਪੀ ਨੇ

# ਧੂਰੀ 'ਚ ਕੀਤਾ ਰੋਸ ਪ੍ਰਦਰਸ਼ਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪਿਛਲੇ ਲੰਮੇ ਸਮੇਂ ਤੋਂ ਨਸ਼ਿਆਂ ਦੇ ਖਿਲਾਫ ਲੜਾਈ ਲੜਦੇ ਆ ਰਹੀ ਸ, ਪਰਮਿੰਦਰ ਸਿੰਘ ਝੋਟਾ ਨੂੰ ਇੱਕ ਮੈਡੀਕਲ ਨਸਾ ਵੇਚਣ ਵਾਲੇ ਦੁਕਾਨਦਾਰ ਅਸਵਨੀ ਕੁਮਾਰ ਨੇ ਦਿਨ ਦਿਹਾੜੇ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ। ਜਿਸ ਦੇ ਰੋਸ ਵਜੋਂ ਧੂਰੀ ਵਿਖੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਪ੍ਰੋਫੈਸਰ ਓਕਾਰ ਸਿੰਘ ਸਿੱਧੂ ਦੀ ਅਗਵਾਈ ਦੇ ਹੇਠ ਰੋਸ ਪ੍ਰਦਰਸ਼ਨ ਕਰਕੇ ਪਰਮਿੰਦਰ ਸਿੰਘ ਝੋਟਾ ਦੇ ਹੱਕ ਵਿੱਚ ਹਾਂਅ ਦਾ ਨਾਅਰਾ ਮਾਰਿਆ ਗਿਆ ਅਤੇ ਪਰਿਵਾਰ ਨੂੰ ਸਰਕਾਰ ਵੱਲੋਂ ਇਨਸਾਫ ਦਵਾਉਣ ਦੀ ਮੰਗ ਕੀਤੀ ਗਈ। ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਬੁਲਾਰਿਆਂ ਨੇ ਕਿਹਾਕਿ ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਵੱਲੋਂ ਪਿਛਲੇ ਸਮੇਂ ਦੌਰਾਨ ਨਸ਼ਿਆਂ ਦੇ ਖਿਲਾਫ ਇੱਕ ਰੈਲੀ ਕੱਢੀ ਗਈ ਸੀ ਜਿਸ ਨੂੰ ਲੈ ਕੇ ਲੋਕਾਂ ਵਿੱਚ ਭਾਰੀ ਉਤਸਾਹ ਪਾਇਆ ਗਿਆ। ਪੰਜਾਬ ਨੂੰ ਨਸ਼ਾ ਮੁਕਤ ਕਰਾਉਣ ਦੇ ਲਈ ਭਾਰਤੀ ਜਨਤਾ ਪਾਰਟੀ ਆਪਣੇ ਵਾਅਦੇ ਤੇ ਪੂਰੀ ਤਰਾਂ ਪਹਿਰਾ ਦੇਵੇਗੀ। ਇਸ ਮੌਕੇ ਭੁਪੇਸ਼ ਜਿੰਦਲ , ਬਰਜੇਸ਼ਵਰ ਗੋਇਲ, ਜਗਦੇਵ ਜਿੰਦਲ ਜੱਗਾ, ਨਰਪਿੰਦਰ ਸਿੰਘ ਗੋਰਾ, ਪਰਮਜੀਤ ਸਿੰਘ ਬਿੰਦੀ ,ਜਿਉਣ ਸਿੰਘ, ਜਗਜੀਤ ਸਿੰਘ ਘਨੌਰੀ, ਸੁਖਪਾਲ ਸ਼ਰਮਾ ਕਾਂਝਲਾ, ਸੋਨੀ ਵਾਂਗਰੂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਦਾਰੰਗ ਵਿਖੇ ਬਲਵਿੰਦਰ ਲਾਡੀ ਨੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ 10 ਲੱਖ ਤੱਕ ਦੇ ਸਿਹਤ ਬੀਮਾ ਕਾਰਡ ਵੰਡੇ



**ਚੌਕ ਮਹਿਤਾ, 14 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਅਤੇ ਸੁਲਭ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਚਲਾਈ ਜਾ ਰਹੀ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਅੱਜ ਵਿਧਾਨ ਸਭਾ ਹਲਕਾ ਸ਼੍ਰੀ ਹਰਗੋਬਿੰਦਪੁਰ ਸਾਹਿਬ ਅਧੀਨ ਪੈਂਦੇ ਪਿੰਡ ਸਦਾਰੰਗ ਵਿਖੇ ਸਾਬਕਾ ਵਿਧਾਇਕ ਸ. ਬਲਵਿੰਦਰ ਸਿੰਘ ਲਾਡੀ ਸੀਨੀਅਰ ਆਪ ਆਗੂ ਵੱਲੋਂ ਯੋਗ ਲਾਭਪਾਤਰੀਆਂ ਨੂੰ ?10 ਲੱਖ ਤੱਕ ਦੇ ਸਿਹਤ ਬੀਮਾ ਕਾਰਡ ਵੰਡੇ ਗਏ।ਇਸ ਮੌਕੇ ਸ. ਲਾਡੀ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸੂਬੇ ਦੇ ਹਰ ਵਰਗ ਦੇ ਲੋਕਾਂ ਨੂੰ ਮਿਆਰੀ ਅਤੇ ਸਮੇਂ ਸਿਰ ਸਿਹਤ ਸਹੂਲਤਾਂ ਉਪਲਬਧ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲੋਕਾਂ ਲਈ ਇੱਕ ਮਹੱਤਵਪੂਰਨ ਸਹੂਲਤ ਹੈ, ਜਿਸ ਤਹਿਤ ਯੋਗ ਲਾਭਪਾਤਰੀ ਪਰਿਵਾਰਾਂ ਨੂੰ ਇਲਾਜ ਲਈ ਵਿੱਤੀ ਸੁਰੱਖਿਆ ਮਿਲਦੀ ਹੈ। ਪੰਜਾਬ ਸਰਕਾਰ ਵੱਲੋਂ ਸਿਹਤ ਖੇਤਰ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕਾਂ ਤੱਕ ਸਿਹਤ ਸਹੂਲਤਾਂ ਦੀ ਪਹੁੰਚ ਯਕੀਨੀ ਬਣਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਸ . ਲਾਡੀ ਨੇ ਕਿਹਾ ਕਿ ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਆਰਥਿਕ ਕਾਰਨਾਂ ਕਰਕੇ ਕੋਈ ਵੀ ਪਰਿਵਾਰ ਲੋੜੀਂਦੇ ਇਲਾਜ ਤੋਂ ਵਾਂਝਾ ਨਾ ਰਹੇ। ਆਪ ਸਰਕਾਰ ਦੀ ਵਚਨਬੱਧਤਾ ਹੈ ਕਿ ਸੂਬੇ ਦੇ ਹਰ ਨਾਗਰਿਕ ਨੂੰ ਬਿਹਤਰ, ਮਿਆਰੀ ਅਤੇ ਸੁਲਭ ਸਿਹਤ ਸਹੂਲਤਾਂ ਉਪਲਬਧ ਕਰਵਾਈਆਂ ਜਾਣ। ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਇਸੇ ਦਿਸ਼ਾ ਵਿੱਚ ਇੱਕ ਅਹਿਮ ਉਪਰਾਲਾ ਹੈ, ਜਿਸ ਰਾਹੀਂ ਯੋਗ ਪਰਿਵਾਰਾਂ ਨੂੰ ਸਿਹਤ ਸੇਵਾਵਾਂ ਲਈ ਵਿੱਤੀ ਸਹਾਇਤਾ ਅਤੇ ਸੁਰੱਖਿਆ ਪ੍ਰਦਾਨ ਕੀਤੀ ਜਾ ਰਹੀ ਹੈ।ਇਸ ਮੌਕੇ ਬਲਾਕ ਸੰਮਤੀ ਮੈਂਬਰ ਹਰਜੀਤ ਸਿੰਘ ਬਦੋਵਾਲ, ਸਾਬਕਾ ਸਰਪੰਚ ਮੁਹਿੰਦਰ ਸਿੰਘ ਚੋਣੇ, ਸਾਬਕਾ ਸਰਪੰਚ ਧਰਮਿੰਦਰ ਸਿੰਘ ਸਦਾਰੰਗ, ਐੱਸ. ਐੱਚ. ਓ. ਸੁਖਜਿੰਦਰ ਸਿੰਘ ਥਾਣਾ ਰੰਗੜ ਨੰਗਲ, ਨੰਬੜਦਾਰ ਸਨਦੀਪ ਸਿੰਘ ਬਦੋਵਾਲ, ਸਰਪੰਚ ਗੁਰਦੀਪ ਸਿੰਘ ਬੁੱਝਿਆਂਵਾਲੀ, ਸਾਬਕਾ ਸਰਪੰਚ ਗੁਰਵਿੰਦਰ ਸਿੰਘ ਬੁੱਝਿਆਂਵਾਲੀ, ਬਾਬਾ ਸੁਖਰਾਜ ਸਿੰਘ ਚੋਧਰੀਵਾਲ, ਨਵਜੋਤ ਸਿੰਘ ਪੀ.ਏ., ਹੈੱਡ ਮਾ. ਮੈਡਮ ਸ਼ਰਨਜੀਤ ਕੌਰ ਸਦਾਰੰਗ, ਮਾਸਟਰ ਭੁਪਿੰਦਰ ਸਿੰਘ ਸਦਾਰੰਗ, ਜਥੇਦਾਰ ਦਿਆਲ ਸਿੰਘ, ਜਥੇਦਾਰ ਮੁਖਵਿੰਦਰ ਸਿੰਘ ਬੱਜੂਮਾਨ, ਭੁਪਿੰਦਰ ਸਿੰਘ ਭਿੰਦਰ, ਲਖਬੀਰ ਸਿੰਘ ਫੋਜੀ, ਗੁਰਮੁੱਖ ਸਿੰਘ ਸੋਨੂੰ, ਮਨਜੀਤ ਕੌਰ ਆਸ਼ਾ ਵਰਕਰ, ਹਰਦੇਵ ਸਿੰਘ ਡੀਪੂ ਹੋਲਡਰ, ਜੱਥੇਦਾਰ ਅਵਤਾਰ ਸਿੰਘ, ਸਾਬਕਾ ਪੰਚ ਅਵਤਾਰ ਸਿੰਘ, ਤਰਲੋਕ ਸਿੰਘ ਗਿੱਲ, ਮਾਸਟਰ ਅਵਤਾਰ ਸਿੰਘ, ਸੁੱਖਵਿੰਦਰ ਸਿੰਘ, ਪ੍ਰੇਮ ਸਿੰਘ, ਪਿਆਰਾ ਸਿੰਘ, ਦਵਿੰਦਰ ਸਿੰਘ ਸੋਨੂੰ, ਡਾ. ਬਖਸ਼ੀਸ਼ ਸਿੰਘ, ਡਾ. ਅਮਰੀਕ ਸਿੰਘ ਚੋਣੇ, ਸੁਖਦੇਵ ਸਿੰਘ ਸਾਬਕਾ ਪੰਚ, ਨਿਰਵੈਰ ਸਿੰਘ ਬੱਜੂਮਾਨ, ਬਖਸੀਸ ਸਿੰਘ ਸੀਰੀ, ਹਰਜਿੰਦਰ ਸਿੰਘ, ਵਜ਼ੀਰ ਸਿੰਘ, ਜਗੀਰ ਸਿੰਘ ਆਦਿ ਆਮ ਆਦਮੀ ਪਾਰਟੀ ਦੀ ਸਮੁੱਚੀ ਟੀਮ ਤੋਂ ਇਲਾਵਾ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀ ਅਤੇ ਡਾਕਟਰ ਸਾਹਿਬਾਨ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕਿਸਾਨ, ਆੜਤੀਆ ਤੇ ਸ਼ੈਲਰ ਨੂੰ ਬਚਾਉਣ ਦੀ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਲਾਈ ਗੁਹਾਰ




**ਫ਼ਿਰੋਜ਼ਪੁਰ, 14 ਅਕਤੂਬਰ (ਮਨੋਹਰ ਲਾਲ) :—** ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਖੇਤੀਬਾੜੀ ਮੰਤਰੀ ਭਾਰਤ ਸਰਕਾਰ ਨੂੰ ਮੰਡੀਕਰਨ ਢਾਂਚੇ ਦੇ ਤਿੰਨ ਮਜ਼ਬੂਤ ਥੰਮ ਕਿਸਾਨ, ਆੜਤੀਆ ਤੇ ਸੈ.ਲਰ ਮਾਲਕਾਂ ਨੂੰ ਬਚਾਉਣ ਦੀ ਲਾਈ ਗੁਹਾਰ। ਗੱਲਬਾਤ ਕਰਦਿਆਂ ਜਥੇਬੰਦੀ ਦੇ ਆਗੂਆਂ ਨੇ ਦੱਸਿਆ ਕਿ ਇਸ ਸਬੰਧੀ ਪੱਤਰ ਲਿਖ ਕੇ ਮੰਗ ਕੀਤੀ ਗਈ ਹੈ ਕਿ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਸਮਝੇ ਜਾਂਦੇ ਮੰਡੀਕਰਨ ਢਾਂਚੇ ਦੇ ਤਿੰਨ ਮਜ਼ਬੂਤ ਥੰਮਾਂ ਨੂੰ ਬਚਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਮੀਂਹ ਅਤੇ ਗੜ੍ਹੇਮਾਰੀ ਨਾਲ ਪੰਜਾਬ ਵਿਚ ਖੜੀ ਫਸਲ ਅਤੇ ਮੰਡੀਆਂ ਵਿਚ ਪਏ ਝੋਨੇ ਦੇ ਹੋਏ ਨੁਕਸਾਨ ਬਾਰੇ ਸਪੈਸ਼ਲ ਗਿਰਦਾਵਰੀ ਕਰਵਾ ਕੇ ਤੁਰੰਤ ਪੂਰਾ ਮੁਆਵਜਾ ਦਿੱਤਾ ਜਾਵੇ। ਆਗੂਆਂ ਨੇ ਕਿਹਾ ਕਿ ਕਿਸਾਨਾਂ ਦਾ ਸਾਰਾ ਝੋਨਾ ਯੂ.ਆਰ.ਐਸ ਤਹਿਤ ਖਰੀਦਣ ਹਿੱਤ ਨਮੀ ਅਤੇ ਦਾਗੀ ਦਾਣੇ ਵਿਚ ਛੋਟ ਦਿੱਤ ਜਾਵੇ, ਪੰਜਾਬ ਦੀ ਸ਼ੈਲਰ ਇੰਡਸਟਰੀ ਨੂੰ ਹਰਿਆਣਾ ਦੀ ਤਰਜ ਤੇ ਮੀਲਿੰਗ ਵਿਚ 30 ਰੁਪਏ ਪ੍ਰਤੀ ਕੁਇਟਲ ਬੋਨਸ ਦਿੱਤਾ ਜਾਵੇ ਅਤੇ ਉਨ੍ਹਾਂ ਨੂੰ ਯੀਲਡ ਵਿਚ ਛੋਟ ਦਿੱਤੀ ਜਾਵੇ। ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਸਭ ਤੋਂ ਜ਼ਰੂਰੀ ਮੰਗ ਪੰਜਾਬ ਵਿਚ ਭੰਡਾਰਨ ਦੀ ਸਮਰੱਥਾ ਵਧਾਈ ਜਾਵੇ, ਕਿਉਂਕਿ ਪਿਛਲੇ ਸਾਲ ਪੰਜਾਬ ਦੇ ਸ਼ੈਲਰ ਮਾਲਕਾਂ ਨੂੰ ਚਾਵਲ ਭੰਡਾਰ ਕਰਨ ਲਈ ਯੂ.ਪੀ, ਹਰਿਆਣਾ ਅਤੇ ਜੰਮੂ ਵਿਚ ਜਗ੍ਹਾ ਲੱਭਣੀ ਪਈ ਸੀ। ਉਨ੍ਹਾਂ ਕਿਹਾ ਕਿ ਹਾਈਬ੍ਰਿਡ ਦਾਣੇ ਦੀ ਬ੍ਰੋਕਨ ਛੋਟ ਜੋ ਕੇਂਦਰ ਸਰਕਾਰ ਨੇ 25 ਫੀਸਦੀ ਤੋਂ ਘਟਾ ਕੇ 10 ਫੀਸਦੀ ਕੀਤੀ ਹੈ, ਤੁਰੰਤ 25 ਫੀਸਦੀ ਕੀਤੀ ਜਾਵੇ ਅਤੇ ਪਿਛਲੇ ਸਾਲ ਝੋਨੇ ਦੀ ਖਰੀਦ ਲਿਮਟ 190 ਲੱਖ ਮੀਟਰਕ ਟਨ ਸੀ, ਜਿਸ ਨੂੰ ਘਟਾ ਕੇ 180 ਲੱਖ ਮੀਟਰਕ ਟਨ ਕਰ ਦਿੱਤਾ ਗਿਆ ਹੈ, ਜਦ ਕਿ ਫਸਲ 200 ਲੱਖ ਮੀਟਰਕ ਟਨ ਤੋਂ ਵੱਧ ਹੋਣ ਦੀ ਉਮੀਦ ਹੈ, ਇਸ ਲਈ ਖਰੀਦ ਲਿਮਟ ਨੂੰ ਘਟਾਉਣ ਦੀ ਬਜਾਏ ਵਧਾਇਆ ਜਾਵੇ। ਇਸ ਮੌਕੇ ਬਲਵਿੰਦਰ ਸਿੰਘ ਸੂਬਾ ਕਦੀਮ, ਗੁਰਦੇਵ ਸਿੰਘ ਮੀਤ ਪ੍ਰਧਾਨ ਪੰਜਾਬ, ਨਿਸ਼ਾਨ ਸਿੰਘ, ਚਰਨਜੀਤ ਸਿੰਘ, ਚਮਕੌਰ ਸਿੰਘ, ਕਰਨੈਲ ਸਿੰਘ ਭਾਵੜਾ, ਕਾਰਜ ਸਿੰਘ ਆਦਿ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

### ਪੰਜਾਬ ਨੂੰ ਨਸ਼ਾ ਮਾਫ਼ੀਆ ਦੇ ਹਵਾਲੇ ਕਰਨ ਵਾਲੇ ਭਗਵੰਤ ਮਾਨ ਕੁਰਸੀ 'ਤੇ ਰਹਿਣ ਦਾ

# ਨੈਤਿਕ ਹੱਕ ਗੁਆ ਚੁੱਕੇ—ਤੁਰੰਤ ਅਸਤੀਫ਼ਾ ਦੇਣ: ਪ੍ਰੋ. ਸਰਚਾਂਦ ਸਿੰਘ ਖ਼ਿਆਲਾ



**ਅੰਮ੍ਰਿਤਸਰ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੂਬਾ ਬੁਲਾਰੇ ਪ੍ਰੋਫੈਸਰ ਸਰਚਾਂਦ ਸਿੰਘ ਖ਼ਿਆਲਾ ਨੇ ਮਾਨਸਾ ਵਿਖੇ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਦਿਨ-ਦਿਹਾੜੇ ਹੋਏ ਬੇਰਹਿਮ ਕਤਲ 'ਤੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖਾ ਹਮਲਾ ਬੋਲਿਆ ਤੇ ਕਿਹਾ ਕਿ ਪੰਜਾਬ ਨੂੰ ਨਸ਼ਾ ਮਾਫ਼ੀਆ ਦੇ ਹਵਾਲੇ ਕਰਨ ਵਾਲੇ ਭਗਵੰਤ ਮਾਨ ਕੁਰਸੀ 'ਤੇ ਬਣੇ ਰਹਿਣ ਦਾ ਨੈਤਿਕ ਹੱਕ ਗੁਆ ਚੁੱਕੇ ਹਨ ਤੇ ਉਨ੍ਹਾਂ ਨੂੰ ਤੁਰੰਤ ਕੁਰਸੀ ਛੱਡ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ 'ਬਦਲਾਅ' ਅਤੇ 'ਇਨਕਲਾਬ' ਦੇ ਵੱਡੇ-ਵੱਡੇ ਦਾਅਵੇ ਕਰਕੇ ਸੱਤਾ ਵਿੱਚ ਆਈ ਭਗਵੰਤ ਮਾਨ ਸਰਕਾਰ ਨੇ ਪੰਜਾਬ ਨੂੰ ਪੂਰੀ ਤਰ੍ਹਾਂ ਜੰਗਲ ਰਾਜ ਅਤੇ ਅਰਾਜਕਤਾ ਦੇ ਅੱਡੇ ਵਿੱਚ ਤਬਦੀਲ ਕਰ ਦਿੱਤਾ ਹੈ। ਜੇਕਰ ਸੂਬੇ ਵਿੱਚ ਨਸ਼ਿਆਂ ਵਿਰੁੱਧ ਆਵਾਜ਼ ਚੁੱਕਣ ਵਾਲੇ ਜਾਗਰੂਕ ਨੌਜਵਾਨ ਹੀ ਕੈਮਰਿਆਂ ਸਾਹਮਣੇ ਗੋਲੀਆਂ ਨਾਲ ਭੁੰਨੇ ਜਾ ਰਹੇ ਹਨ, ਤਾਂ ਸਰਕਾਰ ਦੀ ਅਖੌਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਅਸਲੀਅਤ ਖ਼ੁਦ-ਬ-ਖ਼ੁਦ ਬੇਨਕਾਬ ਹੋ ਜਾਂਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

**ਪਰਵਿੰਦਰ ਸਿੰਘ ਝੋਟਾ ਦਾ ਸ਼ਰੇਆਮ ਕਤਲ 'ਆਪ' ਸਰਕਾਰ ਦੇ ਮੱਥੇ 'ਤੇ ਕਲੰਕ; ਕਾਨੂੰਨ ਵਿਵਸਥਾ ਦਾ ਮੁਕੰਮਲ ਭੋਗ**

ਉਨ੍ਹਾਂ ਕਿਹਾ ਕਿ ਤਿੰਨ ਮਹੀਨਿਆਂ ਵਿੱਚ ਨਸ਼ਾ ਖ਼ਤਮ ਕਰਨ ਦੀ ਗਾਰੰਟੀ ਦੇਣ ਵਾਲੇ ਮੁੱਖ ਮੰਤਰੀ ਭਗਵੰਤ ਮਾਨ ਕੋਲ ਪੰਜ ਸਾਲਾਂ ਦਾ ਕਾਰਜਕਾਲ ਪੂਰਾ ਹੋਣ ਨੇੜੇ ਆਉਣ ਦੇ ਬਾਵਜੂਦ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਠੋਸ ਨਤੀਜਿਆਂ ਦੀ ਥਾਂ ਲੋਕਾਂ ਨੂੰ ਦੇਣ ਲਈ ਸਿਰਫ਼ ਖੋਖਲੇ ਭਰੋਸੇ ਹੀ ਬਚੇ ਹਨ। ਪ੍ਰੋ. ਖ਼ਿਆਲਾ ਨੇ ਪੁਲਿਸ ਅਤੇ ਸਰਕਾਰੀ ਧਿਰ ਵੱਲੋਂ ਇਸ ਕਤਲ ਨੂੰ ਸਿਰਫ਼ "ਨਿੱਜੀ ਰੰਜਿਸ਼" ਕਰਾਰ ਦੇਣ ਦੀ ਕਾਰਵਾਈ ਨੂੰ ਨਾਕਾਮੀ ਛੁਪਾਉਣ ਦੀ ਸ਼ਰਮਨਾਕ ਸਾਜ਼ਿਸ਼ ਦੱਸਿਆ। ਉਨ੍ਹਾਂ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਪੰਜਾਬ ਦੀ ਜਵਾਨੀ ਨੂੰ ਘੁਣ ਵਾਂਗ ਖਾ ਰਹੇ ਮੈਡੀਕਲ ਨਸ਼ੇ ਦੇ ਗੋਰਖਧੰਦੇ ਖ਼ਿਲਾਫ਼ ਮੋਹਰੀ ਹੋ ਕੇ ਲੜ ਰਿਹਾ ਸੀ। ਤਸਕਰਾਂ ਵੱਲੋਂ ਦਿਨ-ਦਿਹਾੜੇ ਅਜਿਹੀ ਵਾਰਦਾਤ ਨੂੰ ਅੰਜਾਮ ਦੇਣਾ ਇਸ ਗੱਲ ਦਾ ਪੁਖ਼ਤਾ ਸਬੂਤ ਹੈ ਕਿ ਸੂਬੇ ਅੰਦਰ ਅਪਰਾਧੀਆਂ ਨੂੰ ਪੁਲਿਸ ਜਾਂ ਕਾਨੂੰਨ ਦਾ ਕੋਈ ਡਰ ਨਹੀਂ ਰਿਹਾ।

ਪ੍ਰੋ. ਖ਼ਿਆਲਾ ਨੇ ਮਾਨ ਸਰਕਾਰ ਨੂੰ ਕਟਹਿਰੇ ਵਿੱਚ ਖੜ੍ਹਾ ਕਰਦਿਆਂ ਸਿੱਧੇ ਸਵਾਲ ਦਾਗੇ ਹਨ ਕਿ ਸਾਡੇ ਲਈ ਵਿਡੰਬਣਾ ਹੈ ਕਿ ਸੂਬੇ ਵਿੱਚ ਅਜਿਹੇ ਹਾਲਾਤ ਕਿਉਂ ਬਣ ਗਏ ਹਨ ਕਿ ਇਨਸਾਫ਼ ਪ੍ਰਾਪਤੀ ਅਤੇ ਸਬੂਤਾਂ ਦੀ ਰਾਖੀ ਲਈ ਲੋਕਾਂ ਨੂੰ ਮੁਰਦਾਘਰਾਂ ਦੇ ਬਾਹਰ ਪਹਿਰੇ ਦੇਣ ਲਈ ਮਜਬੂਰ ਹੋਣਾ ਪੈ ਰਿਹਾ ਹੈ? ਜਿਸ ਮੁਲਜ਼ਮ ਖ਼ਿਲਾਫ਼ ਪਹਿਲਾਂ ਹੀ ਅਪਰਾਧਿਕ ਮਾਮਲੇ ਦਰਜ ਸਨ, ਉਹ ਪੁਲਿਸ ਦੀ ਨੱਕ ਹੇਠ ਸ਼ਰੇਆਮ ਨਸ਼ੀਲੀਆਂ ਗੋਲੀਆਂ ਦਾ ਕਾਰੋਬਾਰ ਕਿਵੇਂ ਚਲਾ ਰਿਹਾ ਸੀ? ਅਪਰਾਧਿਕ ਪਿਛੋਕੜ ਦੇ ਬਾਵਜੂਦ ਉਸ ਨੂੰ ਅਸਲਾ ਲਾਇਸੈਂਸ ਕਿਸ ਦੀ ਸਿਫ਼ਾਰਸ਼ 'ਤੇ ਜਾਰੀ ਹੋਇਆ ਅਤੇ ਪ੍ਰਸ਼ਾਸਨ ਨੇ ਸਮੇਂ ਸਿਰ ਇਸ ਦੀ ਸਮੀਖਿਆ ਜਾਂ ਰੱਦ ਕਿਉਂ ਨਹੀਂ ਕੀਤਾ?

ਪ੍ਰੋ. ਖ਼ਿਆਲਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਜੇਲ੍ਹਾਂ ਦੀ 26 ਹਜ਼ਾਰ ਸਮਰੱਥਾ ਦੇ ਬਾਵਜੂਦ 90 ਹਜ਼ਾਰ ਐੱਫ.ਆਈ.ਆਰਜ਼. ਤੇ ਗ੍ਰਿਫ਼ਤਾਰੀਆਂ ਦੇ ਅੰਕੜੇ ਗਿਣਾ ਕੇ ਲੋਕਾਂ ਦੀਆਂ ਅੱਖਾਂ ਵਿੱਚ ਘੱਟਾ ਪਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਸਿਰਫ਼ ਕਾਗ਼ਜ਼ੀ ਅੰਕੜੇ ਨਸ਼ਿਆਂ ਵਿਰੁੱਧ ਜੰਗ ਦੀ ਕਾਮਯਾਬੀ ਨਹੀਂ ਹੁੰਦੇ; ਅਸਲ ਸਵਾਲ ਇਹ ਹੈ ਕਿ ਜ਼ਮੀਨੀ ਪੱਧਰ 'ਤੇ ਨਸ਼ਾ ਸਪਲਾਈ ਦੇ ਨੈੱਟਵਰਕ ਕਿਉਂ ਨਹੀਂ ਟੁੱਟੇ? ਗੁਆਂਢੀ ਸੂਬਿਆਂ ਸਿਰ ਦੋਸ਼ ਮੜ੍ਹ ਕੇ ਮੁੱਖ ਮੰਤਰੀ ਆਪਣੀ ਜ਼ਿੰਮੇਵਾਰੀ ਤੋਂ ਪੱਲਾ ਨਹੀਂ ਝਾੜ ਸਕਦੇ। ਉਨ੍ਹਾਂ ਦੋਸ਼ ਲਾਇਆ ਕਿ ਹੇਠਲੇ ਪੱਧਰ ਤੋਂ ਲੈ ਕੇ ਸੱਤਾ ਦੇ ਗਲਿਆਰਿਆਂ ਤੱਕ ਫੈਲੀ ਕਥਿਤ ਪੁਸ਼ਤਪਨਾਹੀ ਅਤੇ ਪੁਲਿਸ-ਮਾਫ਼ੀਆ ਗੱਠਜੋੜ ਕਾਰਨ ਹੀ ਅੱਜ ਪੰਜਾਬ ਬਰਬਾਦੀ ਦੇ ਕੰਢੇ ਪੁੱਜ ਚੁੱਕਾ ਹੈ। ਈ.ਡੀ. ਅਤੇ ਸੀ.ਬੀ.ਆਈ. ਵੱਲੋਂ ਉੱਚ ਅਧਿਕਾਰੀਆਂ ਦੀਆਂ ਜਾਂਚਾਂ ਅਤੇ ਲੋਕਾਂ ਵੱਲੋਂ ਸਰਕਾਰੀ ਨੁਮਾਇੰਦਿਆਂ ਦਾ ਘਿਰਾਓ ਇਹ ਸਾਬਤ ਕਰਦਾ ਹੈ ਕਿ ਸਰਕਾਰ ਜਨਤਕ ਵਿਸ਼ਵਾਸ ਪੂਰੀ ਤਰ੍ਹਾਂ ਗੁਆ ਚੁੱਕੀ ਹੈ। ਭਾਜਪਾ ਆਗੂ ਨੇ ਪੁਰਜ਼ੋਰ ਮੰਗਾਂ ਰੱਖਦਿਆਂ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਦੇ ਕਤਲ ਅਤੇ ਨਸ਼ਾ ਤਸਕਰੀ ਦੇ ਪੂਰੇ ਨੈੱਟਵਰਕ ਦੀ ਪੜਤਾਲ ਸੀ.ਬੀ.ਆਈ. ਕਰੇ। ਪੀੜਤ ਪਰਿਵਾਰ ਦੀ ਮੰਗ ਅਨੁਸਾਰ ਪੋਸਟਮਾਰਟਮ ਪੀ.ਜੀ.ਆਈ. ਚੰਡੀਗੜ੍ਹ ਦੇ ਮਾਹਿਰ ਡਾਕਟਰਾਂ ਦੇ ਬੋਰਡ ਤੋਂ ਕਰਵਾਇਆ ਜਾਵੇ। ਮੁਲਜ਼ਮ ਨੂੰ ਅਸਲਾ ਲਾਇਸੈਂਸ ਜਾਰੀ ਕਰਨ ਵਾਲੇ ਅਤੇ ਨਸ਼ਾ ਤਸਕਰਾਂ ਨਾਲ ਮਿਲੀਭੁਗਤ ਰੱਖਣ ਵਾਲੇ ਸਬੰਧਤ ਪੁਲਿਸ ਅਧਿਕਾਰੀਆਂ ਤੇ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਗ੍ਰਹਿ ਮੰਤਰਾਲੇ ਦੀ ਵਾਗਡੋਰ ਸੰਭਾਲ ਰਹੇ ਮੁੱਖ ਮੰਤਰੀ ਭਗਵੰਤ ਮਾਨ ਕਾਨੂੰਨ ਵਿਵਸਥਾ ਕਾਇਮ ਰੱਖਣ ਵਿੱਚ ਪੂਰੀ ਤਰ੍ਹਾਂ ਨਾਕਾਮ ਰਹਿਣ ਕਾਰਨ ਨੈਤਿਕ ਆਧਾਰ 'ਤੇ ਤੁਰੰਤ ਅਸਤੀਫ਼ਾ ਦੇਣ। ਪ੍ਰੋ. ਸਰਚਾਂਦ ਸਿੰਘ ਖ਼ਿਆਲਾ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਪੀੜਤ ਪਰਿਵਾਰ ਅਤੇ ਨਸ਼ਿਆਂ ਵਿਰੁੱਧ ਡਟਣ ਵਾਲੇ ਨੌਜਵਾਨਾਂ ਦੇ ਨਾਲ ਚੱਟਾਨ ਵਾਂਗ ਖੜ੍ਹੀ ਹੈ। ਨਸ਼ਿਆਂ ਅਤੇ ਗੈਂਗਸਟਰਾਂ 'ਤੇ ਕਾਬੂ ਪਾਉਣ ਵਿੱਚ ਨਾਕਾਮ ਭਗਵੰਤ ਮਾਨ ਸਰਕਾਰ ਜਵਾਬਦੇਹੀ ਤੋਂ ਭੱਜ ਨਹੀਂ ਸਕਦੀ। ਸਰਕਾਰ ਅਤੇ ਨੁਮਾਇੰਦਿਆਂ ਨੂੰ ਜਨਤਕ ਵਿਰੋਧ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਪੰਜਾਬ ਵਿੱਚ ਕਾਨੂੰਨ ਦਾ ਰਾਜ ਕਾਇਮ ਰੱਖਣ ਦੀ ਥਾਂ ਅਪਰਾਧੀਆਂ ਦੇ ਹੌਸਲੇ ਬੁਲੰਦ ਹੋਣਾ ਸਰਕਾਰ ਦੀ ਕਾਰਗੁਜ਼ਾਰੀ 'ਤੇ ਵੱਡਾ ਸਵਾਲ ਹੈ।

### 'ਮੇਰਾ ਘਰ-ਮੇਰਾ ਮਾਣ' ਯੋਜਨਾ ਤਹਿਤ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ

# ਪਿੰਡ ਮਹਿਣੀਆ ਬ੍ਰਾਹਮਣਾ ਵਿਖੇ 91 ਜਾਇਦਾਦ ਮਾਲਕਾਂ ਨੂੰ ਮਾਲਕੀ ਕਾਰਡ ਵੰਡੇ



**ਜੰਡਿਆਲਾ ਗੁਰੂ 14 ਅਕਤੂਬਰ (ਕੁਲਵੰਤ ਸਿੰਘ ਵਿਰਦੀ)** — 'ਮੇਰਾ ਘਰ-ਮੇਰਾ ਮਾਣ' ਯੋਜਨਾ ਤਹਿਤ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਮਹਿਣੀਆ ਬ੍ਰਾਹਮਣਾ ਵਿਖੇ ਲਾਲ ਡੋਰੇ ਅਧੀਨ ਆਉਂਦੀਆਂ ਜਾਇਦਾਦਾਂ ਦੇ 91 ਮਾਲਕਾਂ ਨੂੰ ਮਾਲਕੀ ਕਾਰਡ ਵੰਡੇ ਗਏ।ਇਸ ਮੌਕੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਾਲ ਡੋਰੇ ਅਧੀਨ ਆਉਂਦੀਆਂ ਜਾਇਦਾਦਾਂ ਦੇ ਮਾਲਕਾਂ ਨੂੰ ਮਾਲਕੀ ਸਬੰਧੀ ਦਸਤਾਵੇਜ਼ੀ ਸਬੂਤ ਮੁਹੱਈਆ ਕਰਵਾਉਣ ਲਈ ਇਹ ਪਹਿਲਕਦਮੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਜਾਇਦਾਦਾਂ ਦੇ ਮਾਲਕੀ ਦਸਤਾਵੇਜ਼ਾਂ ਦੀ ਘਾਟ ਕਾਰਨ ਲੋਕਾਂ ਨੂੰ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਮਾਲਕੀ ਕਾਰਡ ਜਾਇਦਾਦ ਦੇ ਹੱਕਾਂ ਦੀ ਪਛਾਣ ਨੂੰ ਸਪੱਸ਼ਟ ਕਰਨ ਅਤੇ ਮਾਲਕੀ ਸਬੰਧੀ ਰਿਕਾਰਡ ਨੂੰ ਵਿਵਸਥਿਤ ਕਰਨ ਵਿੱਚ ਸਹਾਇਕ ਹੋਣਗੇ ਉਨ੍ਹਾਂ ਦੱਸਿਆ ਕਿ ਮਾਲਕੀ ਕਾਰਡ ਵਿੱਚ ਜਾਇਦਾਦ ਦੀ ਸਹੀ ਪਛਾਣ ਅਤੇ ਵੇਰਵਿਆਂ ਨੂੰ ਦਰਜ ਕੀਤਾ ਗਿਆ ਹੈ। ਇਸ ਵਿੱਚ ਦੇਸ਼ਾਂਤਰ ਅਤੇ ਵਿਥਕਾਰ, ਛੱਤਿਆ ਹੋਇਆ ਖੇਤਰਫਲ, ਉਸਾਰੀ ਅਧੀਨ ਖੇਤਰਫਲ, ਖੁੱਲ੍ਹਾ ਖੇਤਰਫਲ ਅਤੇ ਸਰਵੇਖਣ ਇਕਾਈ ਦਾ ਨਕਸ਼ਾ ਆਦਿ ਸ਼ਾਮਲ ਹਨ। ਇਨ੍ਹਾਂ ਵੇਰਵਿਆਂ ਨਾਲ ਜਾਇਦਾਦ ਦੀ ਸਥਿਤੀ ਅਤੇ ਖੇਤਰਫਲ ਸਬੰਧੀ ਜਾਣਕਾਰੀ ਨੂੰ ਸਪੱਸ਼ਟ ਰੂਪ ਵਿੱਚ ਦਰਜ ਕਰਨ ਵਿੱਚ ਮਦਦ ਮਿਲੇਗੀ।ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਜਾਇਦਾਦ ਦੀ ਮਾਲਕੀ ਸਬੰਧੀ ਦਸਤਾਵੇਜ਼ੀ ਸਪੱਸ਼ਟਤਾ ਨਾ ਹੋਣ ਕਾਰਨ ਕਈ ਵਾਰ ਪਰਿਵਾਰਾਂ ਨੂੰ ਮਾਲਕੀ ਹੱਕਾਂ ਸਬੰਧੀ ਵਿਵਾਦਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਉਨ੍ਹਾਂ ਕਿਹਾ ਕਿ ਮਾਲਕੀ ਕਾਰਡ ਜਾਇਦਾਦ ਦੇ ਹੱਕਾਂ ਸਬੰਧੀ ਦਸਤਾਵੇਜ਼ੀ ਸਬੂਤ ਮੁਹੱਈਆ ਕਰਵਾਉਣ ਦੇ ਨਾਲ-ਨਾਲ ਅਜਿਹੀਆਂ ਸਮੱਸਿਆਵਾਂ ਨੂੰ ਘਟਾਉਣ ਵਿੱਚ ਵੀ ਸਹਾਇਕ ਸਿੱਧ ਹੋਣਗੇ।ਇਸ ਮੌਕੇ ਮਾਲਕੀ ਕਾਰਡ ਪ੍ਰਾਪਤ ਕਰਨ ਵਾਲੇ ਪਿੰਡ ਮਹਿਣੀਆ ਬ੍ਰਾਹਮਣਾ ਦੇ ਵਸਨੀਕਾਂ ਨੇ ਜਾਇਦਾਦ ਦੀ ਮਾਲਕੀ ਸਬੰਧੀ ਦਸਤਾਵੇਜ਼ੀ ਸਬੂਤ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

**ਮਾਲਕੀ ਕਾਰਡ ਜਾਇਦਾਦ ਦੇ ਹੱਕਾਂ ਦੀ ਪਛਾਣ ਅਤੇ ਦਸਤਾਵੇਜ਼ੀ ਸਬੂਤ ਮੁਹੱਈਆ ਕਰਵਾਉਣ ਵਿੱਚ ਹੋਣਗੇ ਸਹਾਇਕ: ਹਰਭਜਨ ਸਿੰਘ ਈ.ਟੀ.ਓ.**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਗੁਰਦੁਆਰਾ ਹਰ ਗੋਬਿੰਦਸਰ ਪਿੰਡ ਲੰਗੇਆਣਾ ਵਿਖੇ ਧਾਰਮਿਕ ਸਮਾਗਮਾਂ ਦੌਰਾਨ ਗਿਆਨੀ ਬਲਵਿੰਦਰ ਸਿੰਘ ਖਾਲਸਾ ਨੇ ਸੰਗਤਾਂ ਨੂੰ ਕੀਤਾ ਮੰਤਰ ਮੁਗਧ




ਫ਼ਿਰੋਜ਼ਪੁਰ, 14 ਅਕਤੂਬਰ (ਮਨੋਹਰ ਲਾਲ) :— ਗੁਰਦੁਆਰਾ ਹਰ ਗੋਬਿੰਦਸਰ ਪਿੰਡ ਲੰਗੋਆਣਾ ਵਿਖੇ ਚੱਲ ਰਹੇ ਅੱਠ ਦਿਨਾਂ ਸਮਾਗਮ (11 ਅਕਤੂਬਰ ਤੋਂ 18 ਅਕਤੂਬਰ) ਦੌਰਾਨ ਅੱਜ ਸ਼ਾਮ ਦੀ ਹਾਜ਼ਰੀ ਗਿਆਨੀ ਬਲਵਿੰਦਰ ਸਿੰਘ ਖਾਲਸਾ ਦਮਦਮੀ ਟਕਸਾਲ ਨੇ ਭਰੀ। ਇਸ ਮੌਕੇ ਉਨ੍ਹਾਂ ਕਥਾ ਕਰਦਿਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੰਤ ਬਾਬਾ ਪ੍ਰਤਾਪ ਸਿੰਘ ਅਤੇ ਗੁਰਮੁਖ ਪਿਆਰੇ ਭਾਈ ਵੀਰ ਸਿੰਘ ਜੀ ਨੇ ਇਸ ਜਗ੍ਹਾ ਤੇ ਕਠਿਨ ਤਪੱਸਿਆ ਕੀਤੀ ਸੀ, ਜਿਸ ਸਦਕਾ ਅੱਜ ਸੰਗਤਾਂ ਉਨ੍ਹਾਂ ਦੀ ਮਿੱਠੀ ਯਾਦ ਮਨਾ ਰਹੀਆਂ ਹਨ। ਗਿਆਨੀ ਬਲਵਿੰਦਰ ਸਿੰਘ ਖਾਲਸਾ ਨੇ ਕਿਹਾ ਕਿ ਸਾਨੂੰ ਵਾਹਿਗੁਰੂ ਦੇ ਭਾਣੇ ਵਿੱਚ ਰਹਿ ਕੇ ਆਪਣਾ ਜੀਵਨ ਬਸਰ ਕਰਨਾ ਚਾਹੀਦਾ ਹੈ। ਉਨ੍ਹਾਂ ਸੰਗਤਾਂ ਨੂੰ ਖੰਡੇ ਬਾਟੇ ਦਾ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨ ਅਤੇ ਨਸ਼ਿਆਂ ਦਾ ਤਿਆਗ ਕਰਨ ਦਾ ਪ੍ਰੇਰਣਾਦਾਇਕ ਸੁਨੇਹਾ ਵੀ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਵੱਲੋਂ ਪੰਜਾਬ ਬੰਦ ਦੇ ਸੱਦੇ ਨੂੰ ਪੂਰਨ ਹਮਾਇਤ ਦਾ ਐਲਾਨ





**ਅੰਮ੍ਰਿਤਸਰ:14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਭਾਈ ਪਰਵਿੰਦਰ ਸਿੰਘ ਝੋਟਾ ਦੇ ਦੁਖਦਾਈ ਕਤਲ ਦੇ ਵਿਰੋਧ ਵਿੱਚ ਦਿੱਤੇ ਗਏ ਪੰਜਾਬ ਬੰਦ ਦੇ ਸੱਦੇ ਨੂੰ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਵੱਲੋਂ ਪੂਰਨ ਤੌਰ 'ਤੇ ਹਮਾਇਤ ਦੇਣ ਦਾ ਐਲਾਨ ਕੀਤਾ ਗਿਆ ਹੈ। ਇਸ ਸਬੰਧੀ ਫੈਡਰੇਸ਼ਨ ਦੇ ਸਰਪ੍ਰਸਤ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਅਤੇ ਪ੍ਰਧਾਨ ਭਾਈ ਕੰਵਰ ਚੜ੍ਹਤ ਸਿੰਘ ਵੱਲੋਂ ਇੱਕ ਸਾਂਝਾ ਬਿਆਨ ਜਾਰੀ ਕੀਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਮੁੱਖ ਬਿੰਦੂ ਅਤੇ ਅਪੀਲ: * ਭਾਈ ਪਰਵਿੰਦਰ ਸਿੰਘ ਝੋਟਾ ਨੂੰ ਇਨਸਾਫ਼: ਇਹ ਪੰਜਾਬ ਬੰਦ ਦਾ ਸੱਦਾ ਭਾਈ ਪਰਵਿੰਦਰ ਸਿੰਘ ਝੋਟਾ ਦੇ ਬੇਰਹਿਮੀ ਨਾਲ ਕੀਤੇ ਗਏ ਕਤਲ ਦੇ ਵਿਰੋਧ ਵਿੱਚ ਦਿੱਤਾ ਗਿਆ ਹੈ ਤਾਂ ਜੋ ਸਰਕਾਰ ਅਤੇ ਪ੍ਰਸ਼ਾਸਨ 'ਤੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦੇਣ ਲਈ ਦਬਾਅ ਬਣਾਇਆ ਜਾ ਸਕੇ।

ਐਮਰਜੈਂਸੀ ਸੇਵਾਵਾਂ ਦੀ ਬਹਾਲੀ: ਬੰਦ ਦੇ ਦੌਰਾਨ ਆਮ ਜਨਤਾ ਨੂੰ ਕਿਸੇ ਵੀ ਕਿਸਮ ਦੀ ਮੁਸ਼ਕਲ ਤੋਂ ਬਚਾਉਣ ਲਈ ਐਮਰਜੈਂਸੀ ਸੇਵਾਵਾਂ (ਜਿਵੇਂ ਕਿ ਐਂਬੂਲੈਂਸ, ਮੈਡੀਕਲ ਸਟੋਰ ਅਤੇ ਹਸਪਤਾਲ) ਨੂੰ ਪੂਰੀ ਤਰ੍ਹਾਂ ਬਹਾਲ ਰੱਖਿਆ ਜਾਵੇਗਾ।

ਨਸ਼ਿਆਂ ਵਿਰੁੱਧ ਸਾਂਝੀ ਮੁਹਿੰਮ: ਆਗੂਆਂ ਨੇ ਜ਼ੋਰ ਦੇ ਕੇ ਕਿਹਾ ਕਿ ਸ਼ਾਂਤਮਈ ਢੰਗ ਨਾਲ ਪੂਰੇ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਇੱਕ ਸਾਂਝੀ ਰਾਇ ਤਿਆਰ ਕੀਤੀ ਜਾਵੇ, ਤਾਂ ਜੋ ਸਰਕਾਰ ਨੂੰ ਨਸ਼ਿਆਂ ਦੇ ਕੋਹੜ ਖਿਲਾਫ ਇੱਕ ਜ਼ੋਰਦਾਰ ਅਤੇ ਸਖ਼ਤ ਮੁਹਿੰਮ ਚਲਾਉਣ ਲਈ ਮਜਬੂਰ ਕੀਤਾ ਜਾ ਸਕੇ।

ਸਮੂਹ ਜਥੇਬੰਦੀਆਂ ਨੂੰ ਸਹਿਯੋਗ ਦੀ ਅਪੀਲ: ਫੈਡਰੇਸ਼ਨ ਵੱਲੋਂ ਪੰਜਾਬ ਦੀਆਂ ਸਮੂਹ ਪੰਥਕ, ਸਮਾਜਿਕ, ਧਾਰਮਿਕ ਅਤੇ ਸਮਾਜ ਸੇਵੀ ਜਥੇਬੰਦੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਆਪਣੇ-ਆਪਣੇ ਇਲਾਕਿਆਂ ਵਿੱਚ ਅੱਗੇ ਆ ਕੇ ਇਸ ਬੰਦ ਨੂੰ ਸਫਲ ਬਣਾਉਣ ਅਤੇ ਆਪਣਾ ਬਣਦਾ ਯੋਗਦਾਨ ਪਾਉਣ।

* ਸ਼ਖ਼ਸੀਅਤਾਂ ਦਾ ਫ਼ਰਜ਼: ਬਿਆਨ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਇਸ ਸੰਕਟ ਦੀ ਘੜੀ ਵਿੱਚ ਪੰਜਾਬ ਦੀ ਹਰ ਨਾਮਵਰ ਸ਼ਖ਼ਸੀਅਤ ਦਾ ਮੁੱਢਲਾ ਫ਼ਰਜ਼ ਬਣਦਾ ਹੈ ਕਿ ਉਹ ਇਸ ਨਿਆਂ ਦੀ ਲੜਾਈ ਵਿੱਚ ਮੋਹਰੀ ਹੋ ਕੇ ਸਾਥ ਦੇਣ।

ਪੰਜਾਬ ਬੰਦ ਨੂੰ ਸ਼ਾਂਤਮਈ ਰੱਖਣ ਅਤੇ ਆਮ ਲੋਕਾਂ ਨੂੰ ਘੱਟ ਤੋਂ ਘੱਟ ਪ੍ਰੇਸ਼ਾਨੀ ਹੋਣ ਦੇਣ ਦੀ ਅਪੀਲ ਦੇ ਨਾਲ-ਨਾਲ ਭਾਈ ਪਰਵਿੰਦਰ ਸਿੰਘ ਝੋਟਾ ਲਈ ਇਨਸਾਫ਼ ਦੀ ਮੰਗ ਨੂੰ ਬੁਲੰਦ ਕੀਤਾ ਗਿਆ ਹੈ।

## ਸ. ਪਰਵਿੰਦਰ ਸਿੰਘ ਕਤਲ ਮਾਮਲੇ ਦੀ ਜਾਂਚ

# ਸੀ ਬੀ ਆਈ ਤੋਂ ਕਰਵਾਈ ਜਾਵੇ ਤਾਂ ਜੋ ਸਾਰੀ ਸਾਜਿਸ਼ ਦਾ ਪਤਾ ਲੱਗੇ - ਸ. ਵਡਾਲਾ










**ਚੰਡੀਗੜ੍ਹ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਮੰਗ ਕੀਤੀ ਹੈ ਕਿ ਸ ਪਰਵਿੰਦਰ ਸਿੰਘ ਝੋਟਾ ਕਤਲ ਦੀ ਜਾਂਚ ਸੀ ਬੀ ਆਈ ਤੋਂ ਕਰਵਾਈ ਜਾਣੀ ਚਾਹੀਦੀ ਹੈ ਤਾਂ ਜੋ ਸਾਰੀ ਸਾਜਿਸ਼ ਤੋਂ ਪਰਦਾ ਚੁੱਕਿਆ ਜਾਵੇ। ਕਿਉਂਕਿ ਕਤਲ ਕਰਨ ਵਾਲਾ ਆਦਮੀ ਗੋਲੀ ਚਲਾਉਣ ਤੋਂ ਪਹਿਲਾਂ ਕਿਸੇ ਨਾਲ ਫੋਨ 'ਤੇ ਗੱਲ ਕਰਦਾ ਹੈ। ਜਿਸਤੋਂ ਸ਼ੱਕ ਪੈਦਾ ਹੁੰਦਾ ਹੈ ਕਿ ਫੋਨ 'ਤੇ ਕਿਸੇ ਨੇ ਉਸਨੂੰ ਗੋਲੀ ਚਲਾਉਣ ਲਈ ਕਿਹਾ ਹੋਵੇਗਾ। ਸ ਵਡਾਲਾ ਨੇ ਦੱਸਿਆ ਕਿ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਇਹ ਸਾਰੀਆਂ ਮੰਗਾਂ ਨੂੰ ਲੈ ਕੇ ਸ਼ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ ਅੱਜ ਡਿਪਟੀ ਕਮਿਸ਼ਨਰਾਂ ਰਾਹੀਂ ਪੰਜਾਬ ਅਤੇ ਕੇਂਦਰ ਸਰਕਾਰ ਦੇ ਨਾਮ ਇਕ ਮੰਗ ਪੱਤਰ ਦਿੱਤਾ ਗਿਆ। ਜਿਸ ਉਤੇ ਤੁਰੰਤ ਕਾਰਵਾਈ ਕਰਨ ਦੀ ਮੰਗ ਕੀਤੀ ਗਈ ਹੈ। ਇਹ ਮੰਗ ਪੱਤਰ ਜਥੇਬੰਦੀ ਦੇ ਸਾਰੇ ਜਿਲ੍ਹਾ ਜਥਿਆਂ ਵੱਲੋਂ ਜਿਲ੍ਹਾ ਪ੍ਰਧਾਨਾਂ ਦੀ ਅਗਵਾਈ ਹੇਠ ਦਿੱਤਾ ਗਿਆ। ਸ ਪਰਵਿੰਦਰ ਸਿੰਘ ਕਤਲ ਮਾਮਲੇ ਦੀ ਜਾਂਚ ਤੋਂ ਇਲਾਵਾ ਜਿਸ ਦੀਆਂ ਬਾਕੀ ਮੰਗਾਂ ਕਿਸਾਨੀ ਨਾਲ ਸੰਬੰਧਿਤ ਹਨ। ਕਿਉਂਕਿ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਸਮਝੇ ਜਾਂਦੇ ਮੰਡੀਕਰਨ ਢਾਂਚੇ ਦੇ ਤਿੰਨ ਮਜਬੂਤ ਥੰਮਾਂ ਕਿਸਾਨ, ਆੜ੍ਹਤੀਆ ਅਤੇ ਸ਼ੈਲਰ ਮਾਲਕਾਂ ਦੀ ਆਰਥਿਕਤਾ 'ਤੇ ਅਜਿਹੇ ਮਾਰੂ ਹਮਲੇ ਹੋ ਰਹੇ ਹਨ ਤਾਂ ਜੋ ਇਸ ਢਾਂਚੇ ਨੂੰ ਤਬਾਹ ਕਰਕੇ ਮੰਡੀ ਨੂੰ ਕਾਰਪੋਰੇਟ ਘਰਾਣਿਆ ਦੇ ਹਵਾਲੇ ਕੀਤਾ ਜਾ ਸਕੇ। ਇਸ ਢਾਂਚੇ ਨੂੰ ਬਚਾਉਣ ਲਈ ਬਹੁਤ ਜਰੂਰੀ ਮੰਗਾਂ ਬਾਰੇ ਇਹ ਪੱਤਰ ਲਿਖਿਆ ਗਿਆ ਹੈ ਜਿਸ ਦਾ ਵਿਸਤ੍ਰਿਤ ਵੇਰਵਾ ਹੇਠ ਲਿਖੇ ਅਨੁਸਾਰ ਹੈ;

### ਸਮੂਹ ਜਿਲ੍ਹਾ ਪ੍ਰਧਾਨਾਂ ਦੀ ਅਗਵਾਈ ਵਿੱਚ ਜਥੇਬੰਦੀ ਵੱਲੋਂ ਜਿਲ੍ਹਾ ਹੈੱਡਕੁਆਰਟਰਾਂ 'ਤੇ ਦਿੱਤੇ ਮੰਗ ਪੱਤਰ

1. ਮੀਂਹ ਅਤੇ ਗੜੇਮਾਰੀ ਨਾਲ ਪੰਜਾਬ ਵਿੱਚ ਖੜੀ ਫਸਲ ਅਤੇ ਮੰਡੀਆਂ ਵਿੱਚ ਪਏ ਝੋਨੇ ਦੇ ਹੋਏ ਨੁਕਸਾਨ ਬਾਰੇ ਸਪੈਸ਼ਲ ਗਰਦਾਵਰੀ ਕਰਵਾ ਕੇ ਤੁਰੰਤ ਪੂਰਾ ਮੁਆਵਜ਼ਾ ਦਿੱਤਾ ਜਾਵੇ।

2. ਕਿਸਾਨਾਂ ਦਾ ਸਾਰਾ ਝੋਨਾ URS (Under relaxed specification) ਤਹਿਤ ਖਰੀਦਣ ਹਿੱਤ ਨਮੀ ਅਤੇ ਦਾਗੀ ਦਾਣੇ ਵਿੱਚ ਛੋਟ ਦਿੱਤੀ ਜਾਵੇ।

3. ਪੰਜਾਬ ਦੀ ਸ਼ੈਲਰ ਇੰਡਸਟਰੀ ਨੂੰ ਹਰਿਆਣਾ ਦੀ ਤਰਜ 'ਤੇ ਮਿਲਿੰਗ ਵਿੱਚ 30 ਰੁਪਏ ਪ੍ਰਤੀ ਕੁਇੰਟਲ ਬੋਨਸ ਦਿੱਤਾ ਜਾਵੇ। ਉਹਨਾਂ ਨੂੰ Yield (ਯੀਲਡ) ਵਿੱਚ ਛੋਟ ਦਿੱਤੀ ਜਾਵੇ।

4. ਸਭ ਤੋਂ ਜਰੂਰੀ ਚੀਜ ਪੰਜਾਬ ਵਿੱਚ ਭੰਡਾਰਣ ਦੀ ਸਮਰੱਥਾ ਵਧਾਈ ਜਾਵੇ ਕਿਉਂਕਿ ਪਿਛਲੇ ਸਾਲ ਪੰਜਾਬ ਦੇ ਸ਼ੈਲਰ ਮਾਲਕਾਂ ਨੂੰ ਚਾਵਲ ਭੰਡਾਰ ਕਰਨ ਲਈ ਯੂਪੀ, ਹਰਿਆਣਾ ਅਤੇ ਜੰਮੂ ਵਿੱਚ ਜਗਾਹ ਲੱਭਣੀ ਪਈ ਸੀ।

5. ਹਾਈਬ੍ਰਿਡ ਦਾਣੇ ਦੀ ਬ੍ਰੋਕਨ ਛੋਟ ਜੋ ਕੇਂਦਰ ਸਰਕਾਰ ਨੇ 25 ਫੀਸਦੀ ਤੋਂ ਘਟਾ ਕੇ 10 ਫੀਸਦੀ ਕੀਤੀ ਹੈ, ਤੁਰੰਤ 25 ਫੀਸਦੀ ਕੀਤੀ ਜਾਵੇ।

6. ਪਿਛਲੇ ਸਾਲ ਝੋਨੇ ਦੀ ਖਰੀਦ ਲਿਮਟ 190 ਲੱਖ ਮੀਟਰਕ ਟਨ ਸੀ ਜਿਸ ਨੂੰ ਘਟਾ ਕੇ ਇਸ ਵਾਰ 180 ਲੱਖ ਮੀਟਰਕ ਟਨ ਕਰ ਦਿੱਤਾ ਗਿਆ ਹੈ। ਜਦਕਿ ਫਸਲ ਦੇ 200 ਲੱਖ ਮੀਟਰਕ ਟਨ ਤੋਂ ਵੱਧ ਹੋਣ ਦੀ ਉਮੀਦ ਹੈ। ਇਸ ਲਈ ਖਰੀਦ ਲਿਮਟ ਨੂੰ ਘੱਟ ਕਰਨ ਦੀ ਬਜਾਏ 200 ਲੱਖ ਮੀਟਰਕ ਟਨ ਤੋਂ ਵਧਾਇਆ ਜਾਵੇ।

ਸ ਵਡਾਲਾ ਨੇ ਕਿਹਾ ਕਿ ਉਪਰੋਕਤ ਸਾਰੀਆਂ ਮੰਗਾਂ ਬਹੁਤ ਹੀ ਜਰੂਰੀ ਅਤੇ ਵਾਜਬ ਹਨ ਜਿੰਨਾਂ ਦੇ ਪੂਰਾ ਹੋਣ ਨਾਲ ਕਿਸਾਨ, ਆੜ੍ਹਤੀਆ ਅਤੇ ਸ਼ੈਲਰ ਮਾਲਕ ਨੂੰ ਤਾਂ ਫਾਇਦਾ ਹੋਏਗਾ ਹੀ, ਇਸ ਨਾਲ ਸੂਬੇ ਦੀ ਸਮੁਚੀ ਆਰਥਿਕਤਾ ਨੂੰ ਵੀ ਭਰਪੂਰ ਲਾਭ ਮਿਲੇਗਾ। ਸ ਵਡਾਲਾ ਨੇ ਬਿਆਨ ਵਿੱਚ ਅੱਗੇ ਕਿਹਾ ਕਿ ਪੰਜਾਬ ਦੀ ਕਾਨੂੰਨ ਵਿਵਸਥਾ ਦਾ ਹੀ ਦਿਵਾਲਾ ਨਹੀਂ ਨਿਕਲਿਆ ਹੋਇਆ, ਸਗੋਂ ਆਰਥਿਕ ਪੱਖ ਤੋਂ ਵੀ ਪੰਜਾਬ ਤਕਰੀਬਨ ਕੰਗਾਲੀ ਦੀ ਹਾਲਤ ਵਿੱਚ ਪਹੁੰਚਾ ਦਿੱਤਾ ਗਿਆ ਹੈ। ਉਹਨਾਂ ਨੇ ਕਿਹਾ ਕਿ ਲੋਕ ਵੋਟਾਂ ਪਾਕੇ ਆਪਣੀ ਹਿਫਾਜ਼ਤ ਅਤੇ ਖੁਸ਼ਹਾਲੀ ਲਈ ਸਰਕਾਰ ਚੁਣਦੇ ਹਨ। ਪਰ ਜੇ ਉਹਨਾਂ ਦੀ ਜਾਨ ਮਾਲ ਅਤੇ ਕਾਰੋਬਾਰ ਸੁਰੱਖਿਅਤ ਨਹੀਂ ਤਾਂ ਉਹਨਾਂ ਨੂੰ ਅਜਿਹੀਆਂ ਸਰਕਾਰਾਂ ਚੁਣਨ ਦਾ ਕੀ ਫਾਇਦਾ ਹੈ ? ਸ ਵਡਾਲਾ ਨੇ ਮੰਗ ਕੀਤੀ ਕਿ ਉਪਰੋਕਤ ਮੰਗਾਂ ਮੰਨਣ ਵੱਲ ਸਰਕਾਰ ਨੂੰ ਤੁਰੰਤ ਧਿਆਨ ਦੇਣਾ ਹੋਵੇਗਾ। ਤਾਂ ਕਿ ਲੋਕਾਂ ਨੂੰ ਆਪਣੀ ਚੋਣ 'ਤੇ ਹੋਰ ਪਛਤਾਉਣਾ ਨਾ ਪਵੇ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

# ਸ. ਪਰਵਿੰਦਰ ਸਿੰਘ ਦਾ ਕਤਲ : ਸਮਾਜ, ਪ੍ਰਸ਼ਾਸਨ ਅਤੇ ਸਰਕਾਰਾਂ ਲਈ ਗੰਭੀਰ ਸਵਾਲ



**ਪੰਜਾਬ** ਨੂੰ ਬਚਾਉਣ ਲਈ ਸਿਆਸਤ ਤੋਂ ਉੱਪਰ ਉੱਠ ਕੇ ਇਕਜੁੱਟ ਹੋਣ ਦੀ ਲੋੜ ਹੈ । ਜਦੋਂ ਸੱਚ ਬੋਲਣ ਵਾਲਿਆਂ ਨੂੰ ਆਪਣੀ ਜਾਨ ਦਾ ਖ਼ਤਰਾ ਹੋਣ ਲੱਗ ਪਵੇ, ਜਦੋਂ ਸਮਾਜ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਸੰਘਰਸ਼ ਕਰਨ ਵਾਲਿਆਂ ਦੀ ਸੁਰੱਖਿਆ ਯਕੀਨੀ ਨਾ ਹੋਵੇ ਅਤੇ ਜਦੋਂ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਨੂੰ ਗੋਲੀਆਂ ਦਾ ਸਾਹਮਣਾ ਕਰਨਾ ਪਵੇ, ਤਾਂ ਇਹ ਸਿਰਫ਼ ਇਕ ਵਿਅਕਤੀ ਦੀ ਮੌਤ ਨਹੀਂ ਹੁੰਦੀ । ਸਗੋਂ ਸਮੁੱਚੇ ਸਮਾਜ ਦੀ ਜ਼ਮੀਰ ਨੂੰ ਝੰਜੋੜਨ ਵਾਲੀ ਘਟਨਾ ਹੁੰਦੀ ਹੈ। ਪੰਜਾਬ ਦੀ ਧਰਤੀ ਨੇ ਕਦੇ ਆਪਣੇ ਪੁੱਤਰਾਂ ਨੂੰ ਹੱਕਾਂ ਲਈ ਲੜਨਾ ਸਿਖਾਇਆ ਸੀ। ਇਸ ਧਰਤੀ ਦੇ ਨੌਜਵਾਨਾਂ ਨੇ ਹਮੇਸ਼ਾ ਜ਼ੁਲਮ, ਬੇਇਨਸਾਫ਼ੀ ਅਤੇ ਸਮਾਜਿਕ ਬੁਰਾਈਆਂ ਵਿਰੁੱਧ ਆਵਾਜ਼ ਬੁਲੰਦ ਕੀਤੀ ਹੈ। ਪਰ ਅੱਜ ਜਦੋਂ ਪੰਜਾਬ ਦਾ ਭਵਿੱਖ ਨਸ਼ਿਆਂ ਦੀ ਮਾਰ ਹੇਠ ਹੈ । ਤਾਂ ਇਕ ਬਹੁਤ ਹੀ ਗੰਭੀਰ ਸਵਾਲ ਸਾਡੇ ਸਾਹਮਣੇ ਖੜ੍ਹਾ ਹੈ , ਕਿ ਜਿਹੜੇ ਲੋਕ ਆਪਣੇ ਘਰਾਂ ਦੀ ਬਜਾਏ ਦੂਜਿਆਂ ਦੇ ਘਰਾਂ ਦੇ ਚਿਰਾਗ ਬਚਾਉਣ ਲਈ ਸੰਘਰਸ਼ ਕਰ ਰਹੇ ਹਨ । ਉਨ੍ਹਾਂ ਦੀ ਰੱਖਿਆ ਕੌਣ ਕਰੇਗਾ ? । ਪਰਵਿੰਦਰ ਸਿੰਘ ਝੋਟਾ ਦੇ ਕਤਲ ਦੀ ਖ਼ਬਰ ਨੇ ਇਸ ਸਵਾਲ ਨੂੰ ਹੋਰ ਵੀ ਗੰਭੀਰ ਬਣਾ ਦਿੱਤਾ ਹੈ। ਨਸ਼ਿਆਂ ਵਿਰੁੱਧ ਲੜਨ ਵਾਲੇ ਇਸ ਨੌਜਵਾਨ ਦੀ ਮੌਤ ਨੂੰ ਸਿਰਫ਼ ਇਕ ਅਪਰਾਧਿਕ ਘਟਨਾ ਸਮਝ ਕੇ ਅੱਖੋਂ-ਪਰੋਖੇ ਨਹੀਂ ਕੀਤਾ ਜਾ ਸਕਦਾ। ਇਸ ਘਟਨਾ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ । ਅਤੇ ਜੇਕਰ ਜਾਂਚ ਵਿੱਚ ਨਸ਼ਿਆਂ ਦੇ ਕਾਰੋਬਾਰ ਜਾਂ ਉਸ ਵਿਰੁੱਧ ਕੀਤੇ ਸੰਘਰਸ਼ ਨਾਲ ਕੋਈ ਸਬੰਧ ਸਾਹਮਣੇ ਆਉਂਦਾ ਹੈ। ਤਾਂ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਖ਼ਤ ਸਜ਼ਾ ਮਿਲਣੀ ਚਾਹੀਦੀ ਹੈ। ਜਿਹੜੇ ਦੂਜਿਆਂ ਦੇ ਬੱਚਿਆਂ ਨੂੰ ਬਚਾਉਣ ਨਿਕਲੇ ਸਨ । ਸ. ਪਰਵਿੰਦਰ ਸਿੰਘ ਝੋਟਾ ਵਰਗੇ ਲੋਕਾਂ ਦੀ ਮਹੱਤਤਾ ਨੂੰ ਸਮਝਣ ਲਈ ਸਾਨੂੰ ਉਸ ਦਰਦ ਨੂੰ ਸਮਝਣਾ ਪਵੇਗਾ, ਜਿਹੜਾ ਕਿਸੇ ਮਾਂ ਨੂੰ ਆਪਣੇ ਪੁੱਤਰ ਨੂੰ ਨਸ਼ਿਆਂ ਦੀ ਦਲਦਲ ਵਿੱਚ ਡੁੱਬਦਾ ਦੇਖ ਕੇ ਹੁੰਦਾ ਹੈ। ਉਸ ਪਿਤਾ ਦੇ ਦਿਲ ਉੱਤੇ ਕੀ ਬੀਤਦੀ ਹੈ। ਜਿਹੜਾ ਆਪਣੇ ਪੁੱਤਰ ਦੇ ਸੁਨਹਿਰੀ ਭਵਿੱਖ ਦੇ ਸੁਪਨੇ ਦੇਖਦਾ ਹੈ । ਪਰ ਨਸ਼ੇ ਉਸ ਦੇ ਘਰ ਦੀਆਂ ਖ਼ੁਸ਼ੀਆਂ ਖੋਹ ਲੈਂਦੇ ਹਨ । ਉਸ ਭੈਣ ਦੀਆਂ ਅੱਖਾਂ ਵਿੱਚ ਕਿੰਨਾ ਦਰਦ ਹੁੰਦਾ ਹੈ । ਜਿਹੜੀ ਆਪਣੇ ਭਰਾ ਨੂੰ ਮੁੜ ਪਹਿਲਾਂ ਵਰਗਾ ਦੇਖਣ ਲਈ ਹਰ ਰੋਜ਼ ਅਰਦਾਸ ਕਰਦੀ ਹੈ । ਇਸ ਦਰਦ ਨੂੰ ਮਹਿਸੂਸ ਕਰਨ ਵਾਲੇ ਲੋਕ ਹੀ ਦੂਜਿਆਂ ਦੇ ਬੱਚਿਆਂ ਨੂੰ ਬਚਾਉਣ ਲਈ ਘਰਾਂ ਤੋਂ ਬਾਹਰ ਨਿਕਲਦੇ ਹਨ। ਉਹ ਨਸ਼ਿਆਂ ਦੇ ਵਿਰੁੱਧ ਆਵਾਜ਼ ਉਠਾਉਂਦੇ ਹਨ । ਲੋਕਾਂ ਨੂੰ ਜਾਗਰੂਕ ਕਰਦੇ ਹਨ । ਅਤੇ ਪ੍ਰਸ਼ਾਸਨ ਦਾ ਧਿਆਨ ਉਨ੍ਹਾਂ ਥਾਵਾਂ ਵੱਲ ਖਿੱਚਣ ਦੀ ਕੋਸ਼ਿਸ਼ ਕਰਦੇ ਹਨ । ਜਿੱਥੇ ਨਸ਼ਿਆਂ ਦੀ ਵਿਕਰੀ ਹੋਣ ਦੇ ਦੋਸ਼ ਲੱਗਦੇ ਹਨ। ਇਹ ਕੰਮ ਸੌਖਾ ਨਹੀਂ, ਕਈ ਵਾਰ ਉਨ੍ਹਾਂ ਨੂੰ ਵਿਰੋਧ ਦਾ ਸਾਹਮਣਾ ਕਰਨਾ ਪੈਂਦਾ ਹੈ । ਕਈ ਵਾਰ ਉਨ੍ਹਾਂ ਦੀਆਂ ਗੱਲਾਂ ਨੂੰ ਅਣਸੁਣਿਆ ਕਰ ਦਿੱਤਾ ਜਾਂਦਾ ਹੈ । ਕਈ ਵਾਰ ਉਨ੍ਹਾਂ ਦੀ ਨੀਅਤ ਉੱਤੇ ਵੀ ਸਵਾਲ ਖੜ੍ਹੇ ਕੀਤੇ ਜਾਂਦੇ ਹਨ । ਫ਼ਿਰ ਵੀ ਜੇ ਕੋਈ ਵਿਅਕਤੀ ਆਪਣੇ ਸਮਾਜ ਦੇ ਬੱਚਿਆਂ ਦਾ ਭਵਿੱਖ ਬਚਾਉਣ ਲਈ ਖੜ੍ਹਾ ਹੁੰਦਾ ਹੈ, ਤਾਂ ਉਸ ਦੀਆਂ ਸ਼ਿਕਾਇਤਾਂ ਅਤੇ ਉਸ ਦੀ ਸੁਰੱਖਿਆ ਨੂੰ ਗੰਭੀਰਤਾ ਨਾਲ ਲੈਣਾ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਬਣਦੀ ਹੈ। ਅੱਜ ਸਾਨੂੰ ਸੋਚਣਾ ਪਵੇਗਾ ਕਿ ਜੇਕਰ ਕੋਈ ਵਿਅਕਤੀ ਨਸ਼ਿਆਂ ਦੀ ਵਿਕਰੀ ਬਾਰੇ ਵਾਰ-ਵਾਰ ਸ਼ਿਕਾਇਤ ਕਰਦਾ ਹੈ । ਕਿਸੇ ਖ਼ਾਸ ਥਾਂ ਵੱਲ ਪ੍ਰਸ਼ਾਸਨ ਦਾ ਧਿਆਨ ਖਿੱਚਦਾ ਹੈ । ਆਪਣੀ ਜਾਨ ਨੂੰ ਖ਼ਤਰਾ ਹੋਣ ਦੀ ਗੱਲ ਕਹਿੰਦਾ ਹੈ । ਤਾਂ ਕੀ ਉਸ ਦੀ ਆਵਾਜ਼ ਸੁਣਨ ਲਈ ਕਿਸੇ ਵੱਡੀ ਘਟਨਾ ਦੀ ਉਡੀਕ ਕਰਨੀ ਲਾਜ਼ਮੀ ਹੈ ? । ਨਸ਼ਿਆਂ ਵਿਰੁੱਧ ਮੁਹਿੰਮ ਸਿਰਫ਼ ਬੋਰਡਾਂ ਅਤੇ ਤਸਵੀਰਾਂ ਤੱਕ ਸੀਮਤ ਨਾ ਰਹੇ । ਪੰਜਾਬ ਵਿੱਚ ਨਸ਼ਿਆਂ ਵਿਰੁੱਧ ਮੁਹਿੰਮਾਂ ਚਲਾਉਣੀਆਂ ਸਮੇਂ ਦੀ ਲੋੜ ਹੈ। ਸਰਕਾਰਾਂ ਵੱਲੋਂ ਜਾਗਰੂਕਤਾ ਮੁਹਿੰਮਾਂ, ਰੈਲੀਆਂ, ਮੀਟਿੰਗਾਂ ਅਤੇ ਹੋਰ ਗਤੀਵਿਧੀਆਂ ਕੀਤੀਆਂ ਜਾਂਦੀਆਂ ਹਨ। ਪਰ ਕਿਸੇ ਵੀ ਮੁਹਿੰਮ ਦੀ ਅਸਲ ਸਫ਼ਲਤਾ ਦਾ ਪਤਾ ਉਸ ਦੇ ਇਸ਼ਤਿਹਾਰਾਂ, ਬੋਰਡਾਂ ਜਾਂ ਤਸਵੀਰਾਂ ਤੋਂ ਨਹੀਂ, ਸਗੋਂ ਜ਼ਮੀਨੀ ਹਾਲਾਤਾਂ ਤੋਂ ਲੱਗਦਾ ਹੈ। ਜੇਕਰ ਕਿਸੇ ਪਿੰਡ ਜਾਂ ਸ਼ਹਿਰ ਵਿੱਚ ਨਸ਼ਾ ਵਿਕਣ ਦੀ ਸ਼ਿਕਾਇਤ ਹੈ । ਤਾਂ ਉਸ ਦੀ ਜਾਂਚ ਹੋਣੀ ਚਾਹੀਦੀ ਹੈ। ਜੇਕਰ ਕੋਈ ਮੈਡੀਕਲ ਸਟੋਰ ਜਾਂ ਹੋਰ ਕਾਰੋਬਾਰੀ ਥਾਂ ਦਵਾਈਆਂ ਦੀ ਗ਼ੈਰ ਕਾਨੂੰਨੀ ਵਿਕਰੀ ਦੇ ਸ਼ੱਕ ਹੇਠ ਹੈ । ਤਾਂ ਸਬੰਧਤ ਵਿਭਾਗ ਨੂੰ ਕਾਨੂੰਨੀ ਪ੍ਰਕਿਰਿਆ ਅਨੁਸਾਰ ਜਾਂਚ ਕਰਨੀ ਚਾਹੀਦੀ ਹੈ। ਜਿੱਥੇ ਨਿਯਮਾਂ ਦੀ ਉਲੰਘਣਾ ਸਾਬਤ ਹੋਵੇ । ਉੱਥੇ ਬਿਨਾਂ ਕਿਸੇ ਦਬਾਅ ਦੇ ਕਾਰਵਾਈ ਹੋਣੀ ਚਾਹੀਦੀ ਹੈ। ਇਸ ਦੇ ਨਾਲ ਹੀ ਇਹ ਵੀ ਜ਼ਰੂਰੀ ਹੈ । ਕਿ ਕਿਸੇ ਵਿਅਕਤੀ ਵਿਰੁੱਧ ਲੱਗੇ ਦੋਸ਼ਾਂ ਨੂੰ ਬਿਨਾਂ ਜਾਂਚ ਸੱਚ ਨਾ ਮੰਨਿਆ ਜਾਵੇ। ਨਿਆਂ ਦਾ ਤਕਾਜ਼ਾ ਹੈ । ਕਿ ਸ਼ਿਕਾਇਤ ਕਰਨ ਵਾਲੇ ਦੀ ਗੱਲ ਵੀ ਸੁਣੀ ਜਾਵੇ ਅਤੇ ਜਿਸ ਵਿਰੁੱਧ ਸ਼ਿਕਾਇਤ ਹੋਵੇ, ਉਸ ਨੂੰ ਵੀ ਕਾਨੂੰਨ ਅਨੁਸਾਰ ਆਪਣਾ ਪੱਖ ਰੱਖਣ ਦਾ ਮੌਕਾ ਮਿਲੇ। ਪਰ ਜਾਂਚ ਦੇ ਨਾਂ 'ਤੇ ਮਾਮਲਿਆਂ ਨੂੰ ਲਟਕਾਈ ਰੱਖਣਾ ਜਾਂ ਸ਼ਿਕਾਇਤਕਰਤਾ ਦੀ ਸੁਰੱਖਿਆ ਨੂੰ ਅਣਡਿੱਠਾ ਕਰਨਾ ਵੀ ਕਿਸੇ ਤਰ੍ਹਾਂ ਠੀਕ ਨਹੀਂ । ਸਰਕਾਰ ਨੂੰ ਚਾਹੀਦਾ ਹੈ । ਕਿ ਨਸ਼ਿਆਂ ਵਿਰੁੱਧ ਮੁਹਿੰਮ ਦੀ ਸਫ਼ਲਤਾ ਮਾਪਣ ਲਈ ਸਪੱਸ਼ਟ ਮਾਪਦੰਡ ਬਣਾਏ ਜਾਣ। ਕਿੰਨੀਆਂ ਸ਼ਿਕਾਇਤਾਂ ਦੀ ਜਾਂਚ ਹੋਈ, ਕਿੰਨੇ ਨਸ਼ਾ ਤਸਕਰੀ ਦੇ ਮਾਮਲਿਆਂ ਵਿੱਚ ਦੋਸ਼ ਸਾਬਤ ਹੋਏ, ਕਿੰਨੇ ਨੌਜਵਾਨਾਂ ਨੂੰ ਇਲਾਜ ਅਤੇ ਮੁੜ ਵਸੇਬੇ ਦੀ ਸਹੂਲਤ ਮਿਲੀ ਅਤੇ ਨਸ਼ਿਆਂ ਦੀ ਸਪਲਾਈ ਰੋਕਣ ਲਈ ਕੀ ਨਤੀਜੇ ਸਾਹਮਣੇ ਆਏ—ਇਨ੍ਹਾਂ ਸਵਾਲਾਂ ਦੇ ਜਵਾਬ ਜਨਤਾ ਸਾਹਮਣੇ ਆਉਣੇ ਚਾਹੀਦੇ ਹਨ। ਪ੍ਰਸ਼ਾਸਨ ਦੀ ਜ਼ਿੰਮੇਵਾਰੀ ਸਿਰਫ਼ ਘਟਨਾ ਤੋਂ ਬਾਅਦ ਸ਼ੁਰੂ ਨਹੀਂ ਹੁੰਦੀ । ਕਿਸੇ ਵੀ ਸਰਕਾਰ ਅਤੇ ਪ੍ਰਸ਼ਾਸਨ ਦੀ ਅਸਲ ਪਰਖ ਉਦੋਂ ਹੁੰਦੀ ਹੈ । ਜਦੋਂ ਉਹ ਸੰਭਾਵੀ ਖ਼ਤਰੇ ਨੂੰ ਸਮੇਂ ਸਿਰ ਪਛਾਣ ਕੇ ਉਸ ਨੂੰ ਰੋਕਣ ਲਈ ਕਦਮ ਚੁੱਕਦੇ ਹਨ। ਘਟਨਾ ਵਾਪਰਨ ਤੋਂ ਬਾਅਦ ਬਿਆਨ ਦੇਣਾ, ਜਾਂਚ ਦੇ ਹੁਕਮ ਦੇਣਾ ਅਤੇ ਦੋਸ਼ੀਆਂ ਨੂੰ ਫੜਨ ਦਾ ਭਰੋਸਾ ਦੇਣਾ ਜ਼ਰੂਰੀ ਤਾਂ ਹੈ । ਪਰ ਇਸ ਤੋਂ ਵੀ ਵੱਧ ਜ਼ਰੂਰੀ ਹੈ , ਕਿ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਪਹਿਲਾਂ ਹੀ ਪ੍ਰਬੰਧ ਕੀਤੇ ਜਾਣ। ਜੇਕਰ ਪਰਵਿੰਦਰ ਸਿੰਘ ਝੋਟਾ ਵੱਲੋਂ ਕਿਸੇ ਥਾਂ ਨਸ਼ਿਆਂ ਦੀ ਵਿਕਰੀ ਸਬੰਧੀ ਸ਼ਿਕਾਇਤਾਂ ਕੀਤੇ ਜਾਣ ਦੇ ਦਾਅਵੇ ਹਨ । ਤਾਂ ਉਨ੍ਹਾਂ ਦੀ ਪੜਤਾਲ ਹੋਣੀ ਚਾਹੀਦੀ ਹੈ। ਇਹ ਪਤਾ ਲਗਾਇਆ ਜਾਣਾ ਚਾਹੀਦਾ ਹੈ । ਕਿ ਸ਼ਿਕਾਇਤਾਂ ਕਿੱਥੇ ਕੀਤੀਆਂ ਗਈਆਂ, ਸਬੰਧਤ ਅਧਿਕਾਰੀਆਂ ਨੇ ਕੀ ਕਾਰਵਾਈ ਕੀਤੀ ਅਤੇ ਜੇਕਰ ਕੋਈ ਲਾਪਰਵਾਹੀ ਹੋਈ ਤਾਂ ਉਸ ਲਈ ਕੌਣ ਜ਼ਿੰਮੇਵਾਰ ਹੈ। ਪੁਲਿਸ ਅਤੇ ਪ੍ਰਸ਼ਾਸਨ ਨੂੰ ਸਿਰਫ਼ ਛੋਟੇ ਨਸ਼ਾ ਵਰਤਣ ਵਾਲਿਆਂ ਨੂੰ ਫ਼ੜ ਕੇ ਆਪਣੀ ਕਾਰਗੁਜ਼ਾਰੀ ਦਿਖਾਉਣ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ। ਨਸ਼ਿਆਂ ਦੀ ਸਪਲਾਈ ਦੇ ਸਰੋਤਾਂ, ਗ਼ੈਰਕਾਨੂੰਨੀ ਕਾਰੋਬਾਰ, ਵਿੱਤੀ ਲੈਣ-ਦੇਣ ਅਤੇ ਇਸ ਨਾਲ ਜੁੜੇ ਸੰਭਾਵੀ ਨੈੱਟਵਰਕ ਦੀ ਜਾਂਚ ਵੀ ਉਤਨੀ ਹੀ ਮਹੱਤਵਪੂਰਨ ਹੈ। ਨਸ਼ੇ ਦੀ ਲਤ ਨਾਲ ਜੂਝ ਰਹੇ ਵਿਅਕਤੀ ਨੂੰ ਸਿਰਫ਼ ਅਪਰਾਧੀ ਸਮਝਣ ਦੀ ਬਜਾਏ ਇਲਾਜ ਅਤੇ ਮੁੜ ਵਸੇਬੇ ਦੀ ਸਹਾਇਤਾ ਦੇਣਾ ਵੀ ਲਾਜ਼ਮੀ ਹੈ । ਸਾਨੂੰ ਇਹ ਸਮਝਣਾ ਪਵੇਗਾ ਕਿ ਸਮਾਜ ਦੀਆਂ ਬੁਰਾਈਆਂ ਕਿਸੇ ਇਕ ਘਰ ਦੀ ਸਮੱਸਿਆ ਨਹੀਂ ਹੁੰਦੀਆਂ। ਅੱਜ ਕਿਸੇ ਹੋਰ ਦਾ ਪੁੱਤਰ ਨਸ਼ਿਆਂ ਦੀ ਲਪੇਟ ਵਿੱਚ ਆਇਆ ਹੈ । ਕੱਲ੍ਹ ਸਾਡੇ ਘਰ ਦਾ ਵੀ ਹੋ ਸਕਦਾ ਹੈ। ਅੱਜ ਕੋਈ ਹੋਰ ਵਿਅਕਤੀ ਨਸ਼ਾ ਤਸਕਰੀ ਵਿਰੁੱਧ ਸ਼ਿਕਾਇਤ ਕਰ ਰਿਹਾ ਹੈ । ਕੱਲ੍ਹ ਸਾਨੂੰ ਵੀ ਆਪਣੇ ਬੱਚਿਆਂ ਦੀ ਸੁਰੱਖਿਆ ਲਈ ਆਵਾਜ਼ ਉਠਾਉਣੀ ਪੈ ਸਕਦੀ ਹੈ। ਇਸ ਲਈ ਜਦੋਂ ਕੋਈ ਵਿਅਕਤੀ ਸਮਾਜ ਦੀ ਭਲਾਈ ਲਈ ਕੰਮ ਕਰਦਾ ਹੈ । ਤਾਂ ਉਸ ਨੂੰ ਇਕੱਲਾ ਛੱਡਣ ਦੀ ਬਜਾਏ ਉਸ ਦੇ ਨਾਲ ਕਾਨੂੰਨੀ ਅਤੇ ਜਮਹੂਰੀ ਢੰਗ ਨਾਲ ਖੜ੍ਹਨਾ ਚਾਹੀਦਾ ਹੈ। ਜੇਕਰ ਕਿਸੇ ਸਮਾਜ ਸੇਵੀ ਨੂੰ ਧਮਕੀਆਂ ਮਿਲਦੀਆਂ ਹਨ, ਤਾਂ ਉਨ੍ਹਾਂ ਦੀ ਰਿਪੋਰਟ ਦਰਜ ਕਰਵਾਉਣੀ, ਸਬੂਤ ਸੁਰੱਖਿਅਤ ਰੱਖਣੇ ਅਤੇ ਸਬੰਧਤ ਅਧਿਕਾਰੀਆਂ ਤੋਂ ਜਵਾਬਦੇਹੀ ਮੰਗਣੀ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਪਰ ਇਹ ਸੰਘਰਸ਼ ਹਿੰਸਾ ਨਾਲ ਨਹੀਂ, ਕਾਨੂੰਨ, ਸਬੂਤਾਂ ਅਤੇ ਇਕਜੁੱਟਤਾ ਨਾਲ ਲੜਿਆ ਜਾਣਾ ਚਾਹੀਦਾ ਹੈ। ਕਿਸੇ ਉੱਤੇ ਬਿਨਾਂ ਸਬੂਤ ਦੋਸ਼ ਲਾਉਣਾ ਜਾਂ ਆਪਣੇ ਹੱਥੀਂ ਸਜ਼ਾ ਦੇਣ ਦੀ ਕੋਸ਼ਿਸ਼ ਕਰਨਾ ਸਮੱਸਿਆ ਦਾ ਹੱਲ ਨਹੀਂ। ਸਾਡਾ ਮਕਸਦ ਸੱਚ ਸਾਹਮਣੇ ਲਿਆਉਣਾ ਅਤੇ ਨਿਆਂ ਯਕੀਨੀ ਬਣਾਉਣਾ ਹੋਣਾ ਚਾਹੀਦਾ ਹੈ। ਸਰਕਾਰਾਂ, ਅਧਿਕਾਰੀਆਂ ਅਤੇ ਮੁਲਾਜ਼ਮਾਂ ਨੂੰ ਵੀ ਸੋਚਣਾ ਪਵੇਗਾ। ਇਸ ਦੇ ਨਾਲ ਹੀ ਸਰਕਾਰ ਨੂੰ ਨਸ਼ਿਆਂ ਵਿਰੁੱਧ ਕੰਮ ਕਰਨ ਵਾਲੇ ਸਮਾਜ ਸੇਵੀਆਂ ਲਈ ਇਕ ਅਜਿਹੀ ਪ੍ਰਣਾਲੀ ਬਣਾਉਣੀ ਚਾਹੀਦੀ ਹੈ, ਜਿਸ ਰਾਹੀਂ ਉਹ ਆਪਣੀਆਂ ਸ਼ਿਕਾਇਤਾਂ ਦਰਜ ਕਰਵਾ ਸਕਣ, ਕਾਰਵਾਈ ਦੀ ਸਥਿਤੀ ਜਾਣ ਸਕਣ ਅਤੇ ਖ਼ਤਰੇ ਦੀ ਸੂਰਤ ਵਿੱਚ ਸੁਰੱਖਿਆ ਦੀ ਮੰਗ ਕਰ ਸਕਣ। ਸ਼ਿਕਾਇਤ ਕਰਨ ਵਾਲਿਆਂ ਦੀ ਪਛਾਣ ਅਤੇ ਸੁਰੱਖਿਆ ਦਾ ਧਿਆਨ ਰੱਖਣਾ ਵੀ ਲਾਜ਼ਮੀ ਹੈ। ਇਸ ਲਈ ਰਵਿੰਦਰ ਸਿੰਘ ਝੋਟਾ ਦੇ ਕਤਲ ਵਰਗੀ ਘਟਨਾ ਨੂੰ ਪਾਰਟੀਬਾਜ਼ੀ ਦਾ ਵਿਸ਼ਾ ਬਣਾਉਣ ਦੀ ਬਜਾਏ ਨਿਆਂ, ਸੁਰੱਖਿਆ ਅਤੇ ਨਸ਼ਿਆਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਦੇ ਸਵਾਲ ਵਜੋਂ ਦੇਖਿਆ ਜਾਣਾ ਚਾਹੀਦਾ ਹੈ। ਸਾਰੀਆਂ ਸਿਆਸੀ ਪਾਰਟੀਆਂ ਨੂੰ ਚਾਹੀਦਾ ਹੈ ਕਿ ਉਹ ਇਸ ਮਾਮਲੇ ਦੀ ਨਿਰਪੱਖ ਜਾਂਚ, ਦੋਸ਼ੀਆਂ ਦੀ ਕਾਨੂੰਨੀ ਜਵਾਬਦੇਹੀ ਅਤੇ ਨਸ਼ਿਆਂ ਵਿਰੁੱਧ ਠੋਸ ਨੀਤੀ ਲਈ ਸਹਿਯੋਗ ਕਰਨ।

**-ਰਾਮ ਪ੍ਰਕਾਸ਼ ਟੋਨੀ**